SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 03** | **Friday, 3 January 2025** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

# ਯੂਰਪੀ ਦੇਸ਼ ਮੋਂਟੇਨੇਗਰੋ ਦੇ ਬਾਰ 'ਚ ਗੋਲੀਬਾਰੀ, 10 ਲੋਕਾਂ ਦੀ ਮੌਤ

## ਮਰਨ ਵਾਲਿਆਂ 'ਚ ਬਾਰ ਮਾਲਕ ਅਤੇ 2 ਬੱਚੇ ਵੀ ਸ਼ਾਮਿਲ

ਪੋਡਗੋਰਿਕਾ, 2 ਜਨਵਰੀ (ਪੋਸਟ ਬਿਊਰੋ): ਯੂਰਪੀ ਦੇਸ਼ ਮੋਂਟੇਨੇਗਰੋ 'ਚ ਨਵੇਂ ਸਾਲ ਦੇ ਮੌਕੇ 'ਤੇ ਇਕ ਵਿਅਕਤੀ ਨੇ ਬਾਰ 'ਚ ਗੋਲੀਆਂ ਚਲਾ ਕੇ ਆਪਣੇ ਹੀ ਪਰਿਵਾਰ ਦੇ ਮੈਂਬਰਾਂ ਸਮੇਤ 10 ਲੋਕਾਂ ਦੀ ਹੱਤਿਆ ਕਰ ਦਿੱਤੀ। ਪਰਿਵਾਰ ਤੋਂ ਇਲਾਵਾ ਬਾਰ ਮਾਲਕ ਅਤੇ ਉਸਦੇ ਦੋ ਬੱਚੇ ਵੀ ਮਰਨ ਵਾਲਿਆਂ ਵਿੱਚ ਸ਼ਾਮਿਲ ਹਨ। ਚਾਰ ਲੋਕ ਜ਼ਖਮੀ ਵੀ ਹੋਏ ਹਨ।




ਦੋਸ਼ੀ ਹਮਲਾਵਰ ਦੀ ਪਛਾਣ 45 ਸਾਲਾ ਅਕੋ ਮਾਰਟਿਨੋਵਿਕ ਵਜੋਂ ਹੋਈ ਹੈ, ਜੋ ਹਮਲੇ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਿਆ। ਉਸ ਨੂੰ ਫੜ੍ਹਨ ਲਈ ਪੁਲਸ ਨੇ ਇਲਾਕੇ ਦੇ ਸਾਰੇ ਰਾਹ ਬੰਦ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਹਾਲਾਂਕਿ ਬਾਅਦ 'ਚ ਪਤਾ ਲੱਗਾ ਕਿ ਦੋਸ਼ੀ ਹਮਲਾਵਰ ਨੇ ਖੁਦਕੁਸ਼ੀ ਕਰ ਲਈ ਸੀ। ਮਾਰਟਿਨੋਵਿਕ ਆਪਣੇ ਮਹਿਮਾਨਾਂ ਨਾਲ ਬਾਰ ਵਿੱਚ ਮੌਜੂਦ ਸੀ। ਸਥਾਨਕ ਪੁਲਿਸ ਮੁਤਾਬਕ ਘਟਨਾ ਦੀ ਸ਼ੁਰੂਆਤ ਬਾਰ 'ਚ ਝੜਪ ਨਾਲ ਹੋਈ। ਝੜਪ ਤੋਂ ਬਾਅਦ ਉਹ ਘਰ ਚਲਾ ਗਿਆ ਅਤੇ ਉਥੋਂ ਹਥਿਆਰ ਲੈ ਆਇਆ। ਇਸ ਤੋਂ ਬਾਅਦ ਉਸ ਨੇ ਸ਼ਾਮ 5:30 ਵਜੇ ਗੋਲੀਬਾਰੀ ਸ਼ੁਰੂ ਕਰ ਦਿੱਤੀ।

ਉਸ ਨੇ ਬਾਰ 'ਚ ਗੋਲੀਬਾਰੀ ਕਰਕੇ 4 ਲੋਕਾਂ ਦੀ ਹੱਤਿਆ ਕਰ ਦਿੱਤੀ ਸੀ। ਬਾਰ ਮਾਲਕ ਅਤੇ ਉਸਦੇ ਦੋ ਬੱਚੇ ਮਾਰੇ ਗਏ ਹਨ। ਇਸ ਤੋਂ ਬਾਅਦ ਉਸ ਨੇ ਤਿੰਨ ਹੋਰ ਥਾਂਵਾਂ 'ਤੇ ਜਾ ਕੇ ਗੋਲੀਆਂ ਚਲਾ ਦਿੱਤੀਆਂ, ਜਿਸ ਨਾਲ ਹੋਰ ਲੋਕਾਂ ਦੀ ਮੌਤ ਹੋ ਗਈ।

ਨਿਊਜ਼ ਏਜੰਸੀ ਏਐੱਫਪੀ ਮੁਤਾਬਕ ਪੁਲਿਸ ਨੇ ਝੜਪ ਦਾ ਕਾਰਨ ਪਰਿਵਾਰਕ ਸਬੰਧਾਂ ਨੂੰ ਮੰਨਿਆ ਹੈ। ਹਮਲੇ ਤੋਂ ਬਾਅਦ ਸਰਕਾਰ ਨੇ ਵੀਰਵਾਰ ਤੋਂ ਤਿੰਨ ਦਿਨਾਂ ਦੇ ਰਾਸ਼ਟਰੀ ਸੋਗ ਦਾ ਐਲਾਨ ਕੀਤਾ ਹੈ। ਮੋਂਟੇਨੇਗਰੀਨ ਦੇ ਪ੍ਰਧਾਨ ਮੰਤਰੀ ਮਿਲੋ-ਜਕੋ ਸਪਜਿਕ ਨੇ ਗੋਲੀਬਾਰੀ ਨੂੰ ਇੱਕ ਭਿਆਨਕ ਦੁਖਾਂਤ ਦੱਸਿਆ ਹੈ। ਹਮਲੇ 'ਚ ਜ਼ਖਮੀਆਂ ਦੀ ਹਾਲਤ ਵੀ ਨਾਜ਼ੁਕ ਬਣੀ ਹੋਈ ਹੈ।

ਪੁਲਿਸ ਅਧਿਕਾਰੀਆਂ ਮੁਤਾਬਕ ਹਮਲਾਵਰ ਮਾਰਟਿਨੋਵਿਕ ਦਾ ਅਪਰਾਧਿਕ ਰਿਕਾਰਡ ਸੀ। ਉਸ ਨੂੰ ਗੈਰ-ਕਾਨੂੰਨੀ ਹਥਿਆਰ ਰੱਖਣ ਦੇ ਦੋਸ਼ ਵਿਚ ਸਜ਼ਾ ਵੀ ਸੁਣਾਈ ਗਈ ਸੀ, ਜਿਸ ਵਿਰੁੱਧ ਉਸ ਨੇ ਅਦਾਲਤ ਵਿਚ ਅਪੀਲ ਵੀ ਕੀਤੀ ਸੀ।

# 32 ਸਾਲਾ ਸੈਂਟਰਲ ਹਿਊਰਨ ਨਿਵਾਸੀ ਦੀ ਸੜਕ ਹਾਦਸੇ 'ਚ ਮੌਤ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ): ਓਪੀਪੀ ਦਾ ਕਹਿਣਾ ਹੈ ਕਿ ਹਿਊਰਨ ਈਸਟ ਦੇ ਮਿਊਂਸੀਪਾਲਿਟੀ ਵਿੱਚ ਦੋ ਵਾਹਨਾਂ ਦੀ ਟੱਕਰ ਵਿਚ 32 ਸਾਲਾ ਸੈਂਟਰਲ ਹਿਊਰਨ ਨਿਵਾਸੀ ਦੀ ਮੌਤ ਹੋ ਗਈ ਹੈ।

ਬੁੱਧਵਾਰ ਨੂੰ ਦੁਪਹਿਰ 1:35 ਵਜੇ ਤੋਂ ਬਾਅਦ, ਹਿਊਰਨ ਕਾਊਂਟੀ, ਹਿਊਰਨ ਕਾਊਂਟੀ ਪੈਰਾਮੇਡਿਕ ਸਰਵਿਸੇਜ਼ ਅਤੇ ਨਾਰਥ ਹਿਊਰਨ ਫਾਇਰ ਡਿਪਾਰਟਮੈਂਟ ਦੇ ਮੈਂਬਰਾਂ ਨੇ ਹਿਊਰਨ ਈਸਟ ਵਿੱਚ ਹੇਂਸਲ ਰੋਡ ਕੋਲ ਬਲਿਥ ਰੋਡ 'ਤੇ ਹੋਈ ਟੱਕਰ ਦੀ ਸੂਚਨਾ ਦਿੱਤੀ।

ਐਮਰਜੈਂਸੀ ਸੇਵਾਵਾਂ ਨੇ ਸਬੰਧਤ ਵਾਹਨਾਂ ਦਾ ਪਤਾ ਲਗਾਇਆ। ਇੱਕ ਐੱਸਯੂਵੀ ਅਤੇ ਇੱਕ ਟਰੱਕ ਜੋ ਪਸ਼ੂਆਂ ਦੇ ਟ੍ਰੇਲਰ ਨੂੰ ਖਿੱਚ ਰਿਹਾ ਸੀ। ਪੁਲਿਸ ਦਾ ਕਹਿਣਾ ਹੈ ਕਿ ਟਰੱਕ ਦੇ ਇਕੱਲੇ ਚਾਲਕ ਦੀ ਘਟਨਾ ਸਥਾਨ 'ਤੇ ਹੀ ਮੌਤ ਹੋ ਗਈ। ਦੂਜਾ ਚਾਲਕ ਜ਼ਖ਼ਮੀ ਨਹੀਂ ਹੋਇਆ। ਦੋਨੇਂ ਵਾਹਨਾਂ ਵਿੱਚ ਮੁਸਾਫ਼ਰ ਸਵਾਰ ਨਹੀਂ ਸਨ।

ਪੁਲਿਸ ਨੇ ਦੱਸਿਆ ਕਿ ਟੱਕਰ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਓਸ਼ਵਾ ਵਿੱਚ ਹੋਈ ਗੋਲੀਬਾਰੀ 'ਚ ਮਾਰੇ ਗਏ ਵਿਅਕਤੀ ਦੀ ਪੁਲਿਸ ਨੇ ਕੀਤੀ ਪਹਿਚਾਣ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ): ਪੁਲਿਸ ਨੇ ਓਸ਼ਵਾ ਅਪਾਰਟਮੈਂਟ ਬਿਲਡਿੰਗ ਅੰਦਰ ਨਵੇਂ ਸਾਲ ਦੀ ਪੂਰਵ ਸੰਧਿਆ ਮੌਕੇ ਹੋਈ ਗੋਲੀਬਾਰੀ ਵਿੱਚ ਮਾਰੇ ਗਏ ਵਿਅਕਤੀ ਦੀ ਪਹਿਚਾਣ ਕਰ ਲਈ ਹੈ।

ਦਰਹਮ ਰੀਜਨਲ ਪੁਲਿਸ ਨੇ ਲਗਭਗ 2 ਵਜੇ ਵੇਂਟਵਰਥ ਸਟਰੀਟ ਵੇਸਟ ਦੇ ਜਵਾਬ ਵਿੱਚ 1040 ਸੀਡਰ ਸਟਰੀਟ 'ਤੇ ਗੋਲੀਬਾਰੀ ਦੀ ਕਾਲ 'ਤੇ ਪ੍ਰਤੀਕਿਰਿਆ ਦਿੱਤੀ ਅਤੇ ਜਦੋਂ ਉਹ ਉੱਥੇ ਪਹੁੰਚੇ ਤਾਂ ਇੱਕ ਪੁਰਸ਼ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿਚ ਮਿਲਿਆ। ਘਟਨਾ ਸਥਾਨ 'ਤੇ ਹੀ ਉਸਨੂੰ ਮ੍ਰਿਤਕ ਐਲਾਨ ਕਰ ਦਿੱਤਾ।

ਬੁੱਧਵਾਰ ਨੂੰ ਜਾਰੀ ਇੱਕ ਪ੍ਰੈੱਸ ਨੋਟ ਵਿਚ ਦੱਸਿਆ ਕਿ ਜਾਂਚਕਰਤਾਵਾਂ ਨੇ ਪੀੜਤ ਦੀ ਪਹਿਚਾਣ 29 ਸਾਲਾ ਓਸ਼ਾਵਾ ਨਿਵਾਸੀ ਡੇਨਿਸ ਬਿੰਦੇ ਦੇ ਰੂਪ ਵਿੱਚ ਕੀਤੀ। ਇਹ 2024 ਦੀ ਸ਼ਹਿਰ ਵਿਚ 11ਵੀਂ ਕਤਲ ਦੀ ਘਟਨਾ ਸੀ।

ਕਿਸੇ ਸ਼ੱਕੀ ਦਾ ਬਿਓਰਾ ਜਾਰੀ ਨਹੀਂ ਕੀਤਾ ਗਿਆ ਹੈ ਪਰ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਗੋਲੀਬਾਰੀ ਨਾਲ ਜਨਤਕ ਸੁਰੱਖਿਆ ਲਈ ਕੋਈ ਖ਼ਤਰਾ ਨਹੀਂ ਹੈ।

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



# ਟੋਰਾਂਟੋ ਦੇ ਹਸਪਤਾਲਾਂ ਨੇ 2025 ਦੀ ਸ਼ੁਰੂਆਤ ਮੌਕੇ ਨਵੇਂ ਜਨਮੇ ਬੱਚਿਆਂ ਦਾ ਕੀਤਾ ਸਵਾਗਤ



ਸਮਰੀਨ (ਮਾਤਾ) ਅਤੇ ਮਹਿਮੂਦ (ਪਿਤਾ) ਨਾਲ ਬੱਚਾ ਹੁਜ਼ੈਫਾ।



ਆਵਾ ਸਿਨਯਾਨ (ਮਾਂ) ਆਪਣੀ ਨਵਜੰਮੀ ਬੱਚੀ ਨਾਲ।



ਤਰਨਪ੍ਰੀਤ ਅਤੇ ਵਿਜੈਵੀਰ ਆਪਣੇ ਨਵਜੰਮੇ ਬੱਚੇ ਅਨਹਦ ਨਾਲ।



ਆਪਣੇ ਬੱਚੇ ਨਾਲ ਨਵੇਥਰਾ ਗੋਵਿੰ-ਦਰਾਸੂ ਅਤੇ ਰਥਨਾਗਿਰੀ ਅਥਿਯਾਨਨ।



ਨਵਜਨਮਿਆ ਬੱਚਾ ਲੈਨੋਕਸ ਆਪਣੇ ਪਰਿਵਾਰ ਨਾਲ।



ਸਾਰ੍ਹਾ ਨਵਜੰਮੀ ਬੱਚੀ ਜੈਮੀ-ਲਿਨ ਨਾਲ।

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ): 2025 ਵਿੱਚ ਜਨਮ ਲੈਣ ਵਾਲੇ ਪਹਿਲੇ ਬੱਚਿਆਂ 'ਚੋਂ ਇੱਕ ਦਾ ਜਨਮ ਮਿਸੀਸਾਗਾ ਹਸਪਤਾਲ ਵਿੱਚ ਅੱਧੀ ਰਾਤ ਦੇ ਠੀਕ ਚਾਰ ਸੈਕੰਡ ਬਾਅਦ ਹੋਇਆ।

ਬੁੱਧਵਾਰ ਸਵੇਰੇ ਮਾਂ ਸਮਰੀਨ ਨੇ ਆਪਣੇ ਬੇਟੇ ਹੁਜੈਫਾ ਬਾਰੇ ਵਿੱਚ ਕਿਹਾ ਕਿ ਅਸੀਂ 31 ਦਸੰਬਰ ਦੀ ਤਾਰੀਖ ਦੀ ਯੋਜਨਾ ਬਣਾ ਰਹੇ ਸੀ ਪਰ ਉਸਨੇ ਆਪਣੇ ਜਨਮਦਿਨ ਲਈ 2025 ਤੱਕ ਉਡੀਕ ਕਰਨ ਦਾ ਫ਼ੈਸਲਾ ਲਿਆ।

ਹਸਪਤਾਲ ਵਿੱਚ ਦੇਖਭਾਲ ਕਰਨ ਵਾਲੀ ਟਰੀਲਿਅਮ ਹੈਲਥ ਪਾਰਟਨਰਜ਼ ਨੇ ਕਿਹਾ ਕਿ ਸਮਰੀਨ ਅਤੇ ਬੱਚਾ ਦੋਨਾਂ ਤੰਦਰੁਸਤ ਹਨ ਅਤੇ ਉਨ੍ਹਾਂ ਨੇ ਹੁਜੈਫਾ ਦੇ ਪਿਤਾ ਮਹਿਮੂਦ ਦੇ ਨਾਲ ਇੱਕ ਤਸਵੀਰ ਖਿੱਚਵਾਈ।

ਹੁਜੈਫਾ ਓਂਟਾਰੀਓ 'ਚ ਨਵੇਂ ਸਾਲ ਵਾਲੇ ਦਿਨ ਪੈਦਾ ਹੋਏ ਕੁੱਝ ਨਵਜਾਤ ਬੱਚਿਆਂ ਵਿੱਚੋਂ ਇੱਕ ਹੈ।

ਟੋਰਾਂਟੋ ਵਿੱਚ ਨਵੇਂ ਸਾਲ ਦੀ ਪੂਰਵ ਸੰਧਿਆ ਦੀ ਉਲਟੀ ਗਿਣਤੀ ਖ਼ਤਮ ਹੋਣ ਦੇ ਠੀਕ ਪੰਜ ਮਿੰਟ ਬਾਅਦ ਮਾਤਾ-ਪਿਤਾ ਕਰਿਸ ਅਤੇ ਮਾਚੇਲਾ ਓਹੀਰ ਦੇ ਘਰ ਬੇਬੀ ਹਾਰਪਰ ਦਾ ਜਨਮ ਹੋਇਆ। ਹਾਰਪਰ ਦਾ ਭਾਰ ਸੱਤ ਪਾਊਂਡ ਅਤੇ 14 ਔਂਸ ਹੈ।

ਨਿਊਮਾਰਕੇਟ, ਓਂਟਾਰੀਓ ਵਿੱਚ ਸਾਊਥਲੇਕ ਹੈਲਥ ਨੇ ਦੱਸਿਆ ਕਿ ਜੇਮੀ-ਲਿਨ ਦਾ ਜਨਮ ਲਗਭਗ ਇੱਕ ਘੰਟੇ ਬਾਅਦ 12:55 ਵਜੇ ਹੋਇਆ। ਉਨ੍ਹਾਂ ਨੇ ਕਿਹਾ ਕਿ ਇਹ ਬੱਚਾ 2025 ਵਿੱਚ ਯਾਰਕ ਰੀਜਨ ਦੇ ਹਸਪਤਾਲ ਵਿੱਚ ਪੈਦਾ ਹੋਣ ਵਾਲਾ ਪਹਿਲਾ ਬੱਚਾ ਹੈ ਅਤੇ ਉਸਦੀ ਮਾਂ ਸਾਰ੍ਹਾ ਤੰਦਰੁਸਤ ਹੈ।

ਸ਼ਹਿਰ ਦੇ ਉੱਤਰ ਵਿੱਚ, ਬੈਰੀ ਵਿੱਚ, ਜੇਨੇਲ ਲਾਇਮੈਨ ਨੇ ਕਿਹਾ ਕਿ ਉਨ੍ਹਾਂ ਨੂੰ 1 ਜਨਵਰੀ ਨੂੰ ਬੱਚੇ ਦੀ ਉਮੀਦ ਸੀ, ਅਤੇ ਪਹਿਲੀ ਵਾਰ ਮਾਤਾ-ਪਿਤਾ ਬਣਨ ਵਾਲੀ ਇਸ ਔਰਤ ਦੀ ਇੱਛਾ ਅੱਧੀ ਰਾਤ ਦੇ ਕੁੱਝ ਸਮੇਂ ਬਾਅਦ ਪੂਰੀ ਹੋਈ।

ਰਾਇਲ ਵਿਕਟੋਰਿਆ ਰੀਜਨ ਹੈਲਥ ਸੈਂਟਰ ਵਿੱਚ ਸਾਥੀ ਕਵਿਨ ਸਟੀਲ ਨਾਲ ਆਪਣੇ ਬੇਟੇ ਸਕਾਟੀ ਨੂੰ ਜਨਮ ਦੇਣ ਤੋਂ ਬਾਅਦ ਕਿਹਾ ਕਿ 31 ਦਸੰਬਰ ਨੂੰ ਬੱਚਾ ਨਹੀਂ ਚਾਹੁੰਦੀ ਸੀ। ਪੰਜ ਪਾਊਂਡ ਦਾ ਬੱਚਾ ਸਵੇਰੇ 1:17 ਵਜੇ ਪੈਦਾ ਹੋਇਆ।

ਲੇਕਰੇਜ ਹੈਲਥ ਨੇ ਕਿਹਾ ਕਿ ਨਵੇਤਰਾ ਗੋਵਿੰਦਰਾਸੂ ਅਤੇ ਰਤਨਾਗਿਰੀ ਅਥਿਆਨਨ ਨੇ ਸਵੇਰੇ 1:56 ਵਜੇ ਓਸ਼ਵਾ ਹਸਪਤਾਲ ਵਿੱਚ ਆਪਣੀ ਬੱਚੀ ਦਾ ਸਵਾਗਤ ਕੀਤਾ, ਉਨ੍ਹਾਂ ਨੇ ਕਿਹਾ ਕਿ ਇਹ ਬੱਚਾ ਇਸ ਸਾਲ ਦਰਹਮ ਰੀਜਨ ਵਿੱਚ ਪੈਦਾ ਹੋਣ ਵਾਲਾ ਪਹਿਲਾ ਬੱਚਾ ਹੈ। ਉਨ੍ਹਾਂ ਨੇ ਕਿਹਾ ਕਿ ਮਾਤਾ-ਪਿਤਾ ਨੇ ਹਾਲੇ ਆਪਣੀ ਬੇਟੀ ਦਾ ਨਾਮ ਤੈਅ ਨਹੀਂ ਕੀਤਾ ਹੈ।

ਸਵੇਰੇ 2:45 ਵਜੇ ਮਾਤਾ-ਪਿਤਾ ਤਰਨਪ੍ਰੀਤ ਅਤੇ ਵਿਜੈਵੀਰ ਨੇ ਕਾਰਟੇਲੁਕੀ ਵਾਨ ਹਸਪਤਾਲ ਵਿੱਚ ਆਪਣੇ ਬੱਚੇ ਅਨਹਦ ਨੂੰ ਜਨਮ ਦਿੱਤਾ। ਹਸਪਤਾਲ ਦੇ ਸੰਚਾਲਕ ਮੈਕੇਂਜੀ ਹੈਲਥ ਨੇ ਕਿਹਾ ਕਿ ਨਵਜਾਤ ਦਾ ਭਾਰ ਛੇ ਪਾਊਂਡ ਅਤੇ ਦੋ ਔਂਸ ਹੈ।

ਓਕ ਵੈਲੀ ਹੈਲਥ ਨੇ ਕਿਹਾ ਕਿ ਲੇਨੋਕਸ ਦਾ ਜਨਮ ਸਵੇਰੇ 3:33 ਵਜੇ ਹੋਇਆ। 6.7 ਪਾਊਂਡ ਦੇ ਬੱਚੇ ਦਾ ਜਨਮ ਮਾਰਖਮ ਸਟਾਫਵਿਲੇ ਹਸਪਤਾਲ ਵਿੱਚ ਹੋਇਆ ਅਤੇ ਸਿਹਤ ਸੇਵਾ ਨੈੱਟਵਰਕ ਨੇ ਕਿਹਾ ਕਿ ਲੇਨੋਕਸ ਦੇ ਮਾਤਾ-ਪਿਤਾ ਬਹੁਤ ਖੁਸ਼ ਹਨ।

ਕੁੱਝ ਘੰਟਿਆਂ ਬਾਅਦ ਸਵੇਰੇ 6:01 ਵਜੇ ਆਵਾ ਸਿਨਿਆਨ ਅਤੇ ਅਮਾਦੌ ਸਨੇਹ ਨੇ ਬਰੈਂਪਟਨ ਵਿੱਚ ਆਪਣੀ ਬੱਚੀ ਨੂੰ ਜਨਮ ਦਿੱਤਾ। ਨਵਜਾਤ ਦਾ ਭਾਰ ਸੱਤ ਪਾਊਂਡ ਅਤੇ 3.5 ਔਂਸ ਸੀ ਅਤੇ ਉਹ ਅਮੀਰਾ ਅਤੇ ਯਾਇਆ ਦੀ ਛੋਟੀ ਭੈਣ ਹੈ।

## ਹੁਣ ਏਅਰ ਇੰਡੀਆ ਦੀ ਫਲਾਈਟ 'ਚ ਮਿਲੇਗਾ ਮੁਫਤ ਵਾਈ-ਫਾਈ




ਨਵੀਂ ਦਿੱਲੀ, 2 ਜਨਵਰੀ (ਪੋਸਟ ਬਿਊਰੋ): ਨਵੇਂ ਸਾਲ ਦੇ ਮੌਕੇ 'ਤੇ ਏਅਰ ਇੰਡੀਆ ਨੇ ਯਾਤਰੀਆਂ ਨੂੰ ਵੱਡਾ ਤੋਹਫਾ ਦਿੱਤਾ ਹੈ। ਏਅਰ ਇੰਡੀਆ ਘਰੇਲੂ ਫਲਾਈਟ ਵਿਚ ਫ੍ਰੀ ਵਾਈ-ਫਾਈ ਇੰਟਰਨੈਟ ਸ਼ੁਰੂ ਕਰਨ ਵਾਲੀ ਪਹਿਲੀ ਭਾਰਤੀ ਏਅਰਲਾਈਨ ਬਣ ਗਈ ਹੈ। ਏਅਰ ਇੰਡੀਆ ਵੱਲੋਂ ਜਾਰੀ ਇੱਕ ਪ੍ਰੈੱਸ ਰਿਲੀਜ਼ ਵਿਚ ਕਿਹਾ ਗਿਆ ਕਿ ਏਅਰਬਸ ਏ350, ਬੋਇੰਗ 787-9 ਅਤੇ ਏਅਰਬਸ ਏ 321 ਨਿਯੋ ਜਹਾਜ਼ਾਂ ਵਿਚ ਸਵਾਰ ਯਾਤਰੀ 10 ਹਜ਼ਾਰ ਫੁੱਟ ਤੋਂ ਉਪਰ ਉਡਾਨ ਭਰਦੇ ਸਮੇਂ ਇੰਟਰਨੈੱਟ ਦਾ ਇਸਤੇਮਾਲ ਕਰਕੇ ਬਰਾਊਜ ਕਰ ਸਕਣਗੇ। ਸੋਸ਼ਲ ਮੀਡੀਆ ਦੇਖ ਸਕਣਗੇ, ਕੰਮ ਕਰ ਸਕਣਗੇ ਜਾਂ ਆਪਣਿਆਂ ਨੂੰ ਟੈਕਸਟ ਕਰ ਸਕਣਗੇ।

ਇਹ ਸਰਵਿਸ ਏਅਰ ਇੰਡੀਆ ਦੇ ਇੰਟਰਨੈਸ਼ਨਲ ਰੂਟ ਨਿਊਯਾਰਕ, ਲੰਦਨ, ਪੈਰਿਸ ਤੇ ਸਿੰਗਾਪੁਰ 'ਤੇ ਪਹਿਲਾਂ ਤੋਂ ਦਿੱਤੀ ਜਾ ਰਹੀ ਹੈ। ਹੁਣ ਇਸ ਨੂੰ ਡੋਮੈਸਟਿਕ ਰੂਟ 'ਤੇ ਪਾਇਲਟ ਪ੍ਰਾਜੈਕਟ ਪ੍ਰੋਗਰਾਮ ਤਹਿਤ ਸ਼ੁਰੂ ਕੀਤਾ ਗਿਆ ਹੈ। ਏਅਰ ਇੰਡੀਆ ਸਮੇਂ ਦੇ ਨਾਲ ਆਪਣੇ ਬੇੜੇ ਦੇ ਹੋਰ ਜਹਾਜ਼ਾਂ 'ਤੇ ਵੀ ਇਹ ਸੇਵਾ ਸ਼ੁਰੂ ਕਰਨ ਦਾ ਪਲਾਨ ਬਣਾ ਰਹੀ ਹੈ। ਏਅਰਲਾਈਨ ਵੱਲੋਂ ਦੱਸਿਆ ਗਿਆ ਕਿ ਵਾਈ-ਫਾਈ ਸਰਵਿਸ ਲੈਪਟਾਪ, ਟੈਬਲੇਟ ਤੇ ਆਈਓਐੱਸ ਜਾਂ ਐਂਡ੍ਰਾਇਟ ਓਐੱਸ ਵਾਲੇ ਸਮਾਰਟਫੋਨ 'ਤੇ ਫ੍ਰੀ ਵਿਚ ਮਿਲੇਗੀ।

ਏਅਰ ਇੰਡੀਆ ਦੇ ਚੀਫ ਕਸਟਮਰ ਐਕਸਪੀਰੀਅੰਸ ਅਫ਼ਸਰ ਰਾਜੇਸ਼ ਡੋਗਰਾ ਨੇ ਕਿਹਾ ਕਿ ਕਨੈਕਟਵਿਟੀ ਹੁਣ ਆਧੁਨਿਕ ਯਾਤਰਾ ਦਾ ਇਕ ਅਭਿੰਨ ਅੰਗ ਬਣ ਗਈ ਹੈ। ਉਨ੍ਹਾਂ ਕਿਹਾ ਕਿ ਸਾਨੂੰ ਭਰੋਸਾ ਹੈ ਕਿ ਸਾਡੇ ਯਾਤਰੀ ਵੈੱਬ ਨਾਲ ਕਨੈਕਟ ਹੋਣ ਦੀ ਸਹੂਲਤ ਨੂੰ ਪਸੰਦ ਕਰਨਗੇ ਤੇ ਇਸ ਨਵੇਂ ਤਜ਼ਰਬੇ ਦਾ ਆਨੰਦ ਲੈਣਗੇ।

# ਐੱਚ-1ਬੀ ਵੀਜ਼ਾ 'ਤੇ ਟਰੰਪ ਨੇ ਕਿਹਾ- ਅਮਰੀਕਾ ਨੂੰ ਸਮਾਰਟ ਲੋਕਾਂ ਦੀ ਲੋੜ

### ਇਸ ਬਾਰੇ ਮੈਂ ਆਪਣਾ ਰੁਖ ਨਹੀਂ ਬਦਲਿਆ




ਵਾਸ਼ਿੰਗਟਨ, 2 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕੀ ਕੰਪਨੀਆਂ ਦੇ ਖਾਸ ਕਾਰੋਬਾਰਾਂ 'ਚ ਭਾਰਤੀਆਂ ਸਮੇਤ ਵਿਦੇਸ਼ੀ ਪ੍ਰਵਾਸੀਆਂ ਦੀਆਂ ਨੌਕਰੀਆਂ ਲਈ ਜ਼ਰੂਰੀ ਐੱਚ-1ਬੀ ਵੀਜ਼ਾ ਦੇ ਮੁੱਦੇ 'ਤੇ ਇਕ ਵਾਰ ਫਿਰ ਆਪਣਾ ਰੁਖ ਸਪੱਸ਼ਟ ਕੀਤਾ ਹੈ। ਨਵੇਂ ਸਾਲ ਦੀ ਪੂਰਵ ਸੰਧਿਆ 2025 'ਤੇ ਆਪਣੇ ਮਾਰ-ਲਾਗੋ ਰਿਜ਼ੋਰਟ 'ਤੇ ਬੋਲਦਿਆਂ ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਇਸ ਮੁੱਦੇ 'ਤੇ ਆਪਣਾ ਰੁਖ ਨਹੀਂ ਬਦਲਿਆ ਹੈ। ਹੁਨਰਮੰਦ ਕਾਮਿਆਂ ਦੀ ਲੋੜ 'ਤੇ ਜ਼ੋਰ ਦਿੰਦਿਆਂ ਟਰੰਪ ਨੇ ਕਿਹਾ ਕਿ ਅਮਰੀਕਾ ਨੂੰ ਸਮਾਰਟ ਲੋਕਾਂ ਦੀ ਲੋੜ ਹੈ। ਇਸ ਤੋਂ ਪਹਿਲਾਂ ਵੀ ਉਹ ਇਸ ਵੀਜ਼ਾ ਪ੍ਰੋਗਰਾਮ ਲਈ ਸਮਰਥਨ ਜ਼ਾਹਿਰ ਕਰ ਚੁੱਕੇ ਹਨ। ਉਨ੍ਹਾਂ ਇਸ ਨੂੰ ਸ਼ਾਨਦਾਰ ਪ੍ਰੋਗਰਾਮ ਦੱਸਿਆ।

ਟਰੰਪ ਨੇ ਕਿਹਾ ਕਿ ਮੈਂ ਹਮੇਸ਼ਾ ਮਹਿਸੂਸ ਕੀਤਾ ਹੈ ਕਿ ਸਾਡੇ ਦੇਸ਼ 'ਚ ਸਭ ਤੋਂ ਕਾਬਲ ਲੋਕ ਹੋਣੇ ਚਾਹੀਦੇ ਹਨ। ਸਾਨੂੰ ਕਾਬਲ ਲੋਕਾਂ ਦੀ ਲੋੜ ਹੈ। ਸਾਡੇ ਦੇਸ਼ ਵਿੱਚ ਆਉਣ ਵਾਲੇ ਲੋਕਾਂ ਵਿੱਚ ਸਾਨੂੰ ਸਮਾਰਟ ਲੋਕਾਂ ਦੀ ਲੋੜ ਹੈ। ਸਾਨੂੰ ਬਹੁਤ ਸਾਰੇ ਲੋਕਾਂ ਦੀ ਲੋੜ ਹੈ। ਸਾਡੇ ਕੋਲ ਅਜਿਹੀਆਂ ਨੌਕਰੀਆਂ ਹੋਣਗੀਆਂ ਜੋ ਪਹਿਲਾਂ ਕਦੇ ਨਹੀਂ ਸਨ।

# ਅਮਰੀਕਾ ਦੇ ਟਾਈਮਜ਼ ਸਕੁਏਅਰ 'ਚ ਇਜ਼ਰਾਈਲ ਖਿਲਾਫ ਪ੍ਰਦਰਸ਼ਨ, ਇੰਤਫਾਦਾ ਸ਼ੁਰੂ ਕਰਨ ਦੀ ਮੰਗ



ਵਾਸ਼ਿੰਗਟਨ, 2 ਜਨਵਰੀ (ਪੋਸਟ ਬਿਊਰੋ): ਬੁੱਧਵਾਰ ਨੂੰ ਨਵੇਂ ਸਾਲ ਦੇ ਮੌਕੇ 'ਤੇ ਸੈਂਕੜੇ ਪ੍ਰਦਰਸ਼ਨਕਾਰੀ ਅਮਰੀਕਾ ਦੇ ਨਿਊਯਾਰਕ 'ਚ ਟਾਈਮਜ਼ ਸਕੁਏਅਰ 'ਚ ਇਕੱਠੇ ਹੋਏ, ਜਿਨ੍ਹਾਂ ਨੇ ਇਜ਼ਰਾਈਲ ਖਿਲਾਫ ਤੀਸਰਾ ਇੰਤਿਫਾਦਾ ਸ਼ੁਰੂ ਕਰਨ ਦੀ ਮੰਗ ਕੀਤੀ। ਇਜ਼ਰਾਈਲ ਵਿਰੋਧੀ ਤਖ਼ਤੀਆਂ ਲਹਿਰਾਉਂਦੇ ਹੋਏ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜ਼ਾਇਓਨਿਜ਼ਮ ਕੈਂਸਰ ਹੈ, ਈਰਾਨ ਵਿਰੁੱਧ ਕੋਈ ਜੰਗ ਨਹੀਂ ਅਤੇ ਇਜ਼ਰਾਈਲ ਨੂੰ ਹਰ ਤਰ੍ਹਾਂ ਦੀ ਅਮਰੀਕੀ ਸਹਾਇਤਾ ਬੰਦ ਕਰੋ।

ਇਸ ਪ੍ਰਦਰਸ਼ਨ ਦਾ ਆਯੋਜਨ ਫਲਸਤੀਨੀ ਯੂਥ ਮੂਵਮੈਂਟ, ਪਾਰਟੀ ਫਾਰ ਸੋਸ਼ਲਿਜ਼ਮ ਐਂਡ ਲਿਬਰੇਸ਼ਨ ਅਤੇ ਪੀਪਲਜ਼ ਫੋਰਮ ਵੱਲੋਂ ਕੀਤਾ ਗਿਆ ਸੀ। ਨਿਊਯਾਰਕ ਪੋਸਟ ਦੀ ਰਿਪੋਰਟ ਅਨੁਸਾਰ, ਪ੍ਰਦਰਸ਼ਨਕਾਰੀਆਂ ਨੇ ਨਾਅਰੇ ਲਗਾਏ ਕਿ ਇੱਕੋ ਇੱਕ ਹੱਲ ਹੈ ਇੰਤਿਫਾਦਾ, ਵਿਰੋਧ ਪ੍ਰਦਰਸ਼ਨ ਮਹਾਨ ਹੈ - ਅਸੀਂ ਜਿੱਤਾਂਗੇ, ਅਤੇ ਸਾਨੂੰ ਗਾਜ਼ਾ 'ਤੇ ਮਾਣ ਹੈ।

ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ 'ਚ ਇਕ ਮਹਿਲਾ ਪ੍ਰਦਰਸ਼ਨਕਾਰੀ ਨੇ ਗੋਰਿਆਂ ਨੂੰ ਤਾਅਨਾ ਮਾਰਦੇ ਹੋਏ ਕਿਹਾ ਕਿ ਅਸੀਂ ਤੁਹਾਨੂੰ ਯੂਰਪ ਵਾਪਿਸ ਭੇਜ ਰਹੇ ਹਾਂ। ਯੂਰਪ ਵਾਪਿਸ ਜਾਓ, ਯੂਰਪ ਵਾਪਿਸ ਜਾਓ। ਇੱਕ ਪ੍ਰਦਰਸ਼ਨਕਾਰੀ ਨੇ ਇੱਕ ਮੈਗਾਫੋਨ 'ਤੇ ਚੀਕਿਆ ਕਿ ਸਾਲ 2024 ਜ਼ੀਓਨਿਜ਼ਮ ਦੇ ਅਪਰਾਧਾਂ ਵਿਰੁੱਧ ਸੰਘਰਸ਼ ਦਾ ਸਾਲ ਹੈ।

ਜ਼ਾਇਓਨਿਜ਼ਮ ਇੱਕ ਧਾਰਮਿਕ ਅਤੇ ਰਾਜਨੀਤਕ ਅੰਦੋਲਨ ਹੈ। ਇਹ ਇਜ਼ਰਾਈਲ ਦੇ ਇਤਿਹਾਸਕ ਖੇਤਰ ਵਿੱਚ ਯਹੂਦੀ ਰਾਜ ਦੀ ਮੁੜ ਸਥਾਪਨਾ ਦਾ ਸਮਰਥਨ ਕਰਦਾ ਹੈ।

ਇੰਤਿਫਾਦਾ ਇੱਕ ਅਰਬੀ ਸ਼ਬਦ ਹੈ। ਇਸ ਨੂੰ ਅੰਗਰੇਜ਼ੀ ਵਿੱਚ 'ਸ਼ੇਕ ਆਫ' ਕਿਹਾ ਜਾਂਦਾ ਹੈ। ਇਜ਼ਰਾਈਲ ਦੇ ਖਿਲਾਫ ਬਗਾਵਤ ਅਤੇ ਇਸ 'ਤੇ ਜ਼ੋਰਦਾਰ ਹਮਲੇ ਨੂੰ ਫਲਸਤੀਨ ਦੇ ਲੋਕਾਂ ਦੁਆਰਾ ਇੰਤਿਫਾਦਾ ਕਿਹਾ ਜਾਂਦਾ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca
GroVerCPA
Professional Corporation
214-7895 Tranmere Drive, Mississauga ON L5S 1V9

## ਸ੍ਰੀ ਦਰਬਾਰ ਸਾਹਿਬ ਵਿਖੇ ਪਰਿਵਾਰ ਨਾਲ ਨਤਮਸਤਕ ਹੋਏ ਅਦਾਕਾਰ ਸੁਨੀਲ ਸ਼ੈੱਟੀ



ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਬਾਲੀਵੁੱਡ ਅਦਾਕਾਰ ਸੁਨੀਲ ਸ਼ੈੱਟੀ ਅੱਜ ਦੁਪਹਿਰ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸ੍ਰੀ ਹਰਿਮੰ-ਦਰ ਸਾਹਿਬ ਵਿਖੇ ਦਰਸ਼ਨ ਕਰਨ ਪੁੱਜੇ। ਉਨ੍ਹਾਂ ਗੁਰੂ ਘਰ ਵਿਖੇ ਨਵੇਂ ਸਾਲ ਦੀ ਆਮਦ 'ਤੇ ਪਰਿਵਾਰਕ ਸੁੱਖ ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।

ਅਦਾਕਾਰ ਸੁਨੀਲ ਸ਼ੈੱਟੀ ਨੇ ਕਿਹਾ ਕਿ ਸਾਲ ਦੀ ਸ਼ੁਰੂਆਤ ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਆ ਕੇ ਮੈਨੂੰ ਬਹੁਤ ਖੁਸ਼ੀ ਅਤੇ ਸ਼ਾਂਤੀ ਮਿਲਦੀ ਹੈ। ਮੇਰੀ ਪਰਮਾਤਮਾ ਅੱਗੇ ਇਹੀ ਅਰਦਾਸ ਹੈ ਕਿ ਸਾਰੇ ਖੁਸ਼ ਰਹਿਣ ਅਤੇ ਸਾਰਿਆਂ ਦੀ ਸਿਹਤ ਚੰਗੀ ਰਹੇ।

ਪੰਜਾਬੀ ਗਾਇਕ ਦਿਲਜੀਤ ਦੋਸਾਂਝ ਬਾਰੇ ਸੁਨੇਲ ਸ਼ੈਟੀ ਨੇ ਕਿਹਾ ਕਿ ਦਿਲਜੀਤ ਬਾਰਡਰ ਫਿਲਮ 'ਚ ਵਧੀਆ ਕੰਮ ਕਰ ਰਿਹਾ ਹੈ। ਲੋਕਾਂ ਦਾ ਆਸ਼ੀਰਵਾਦ ਹਮੇਸ਼ਾ ਉਸਦੇ ਨਾਲ ਰਹੇਗਾ, ਮੈਂ ਚਾਹੁੰਦਾ ਹਾਂ ਕਿ ਉਹ ਹੋਰ ਵੀ ਵੱਡਾ ਸਟਾਰ ਬਣੇ।

## ਅਮਰੀਕਾ ਦੇ ਨਿਊਯਾਰਕ 'ਚ ਨਾਈਟ ਕਲੱਬ 'ਚ ਗੋਲੀਬਾਰੀ, 11 ਜ਼ਖਮੀ

### 24 ਘੰਟਿਆਂ ਵਿੱਚ ਦੂਜੀ ਘਟਨਾ



ਵਾਸ਼ਿੰਗਟਨ, 2 ਜਨਵਰੀ (ਪੋਸਟ ਬਿਊਰੋ): ਅਮਰੀਕੀ ਸੂਬੇ ਨਿਊਯਾਰਕ ਦੇ ਕੁਈਨਜ਼ ਸ਼ਹਿਰ 'ਚ ਬੁੱਧਵਾਰ ਦੇਰ ਰਾਤ ਇਕ ਨਾਈਟ ਕਲੱਬ 'ਚ ਗੋਲੀਬਾਰੀ ਵੀ ਹੋਈ। ਇਸ ਗੋਲੀਬਾਰੀ 'ਚ ਕਰੀਬ 11 ਲੋਕ ਜ਼ਖਮੀ ਹੋਏ ਹਨ।

ਹਮਲਾਵਰ ਨੇ 12 ਸਾਲ ਦੀ ਬੱਚੀ ਅਤੇ ਉਸ ਦੀ ਮਾਂ ਨੂੰ ਢਾਲ ਵਜੋਂ ਵਰਤਦੇ ਹੋਏ ਗੋਲੀਬਾਰੀ ਕੀਤੀ। ਗੋਲੀਬਾਰੀ 'ਚ ਬੱਚੀ ਅਤੇ ਮਾਂ ਦੋਵੇਂ ਜ਼ਖਮੀ ਹੋ ਗਏ।

ਜਿਸ ਨਾਈਟ ਕਲੱਬ 'ਚ ਗੋਲੀਬਾਰੀ ਹੋਈ, ਉਸ ਦਾ ਨਾਂ ਅਜਾਮੁਰਾ ਨਾਈਟ ਕਲੱਬ ਹੈ। ਘਟਨਾ ਸਥਾਨਕ ਸਮੇਂ ਅਨੁਸਾਰ ਰਾਤ 11:45 ਵਜੇ ਵਾਪਰੀ।

ਅਮਰੀਕਾ ਵਿੱਚ ਪਿਛਲੇ 24 ਘੰਟਿਆਂ ਵਿੱਚ ਗੋਲੀਬਾਰੀ ਦੀ ਇਹ ਦੂਜੀ ਘਟਨਾ ਹੈ। ਇਸ ਤੋਂ ਪਹਿਲਾਂ ਲੁਈਸਿਆਨਾ ਸੂਬੇ ਦੇ ਨਿਊ ਓਰਲੀਨਜ਼ ਸ਼ਹਿਰ 'ਚ ਇਕ ਵਿਅਕਤੀ ਨੇ ਨਵਾਂ ਸਾਲ ਮਨਾ ਰਹੇ ਲੋਕਾਂ 'ਤੇ ਪਿਕਅੱਪ ਟਰੱਕ ਚੜ੍ਹਾ ਦਿੱਤਾ ਸੀ। ਇਸ 'ਚ 15 ਦੀ ਮੌਤ ਹੋ ਗਈ, ਜਦਕਿ ਦਰਜਨਾਂ ਲੋਕ ਜ਼ਖਮੀ ਹੋ ਗਏ।

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ

Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal
Immigration Services Ltd.
Seema Bhayana

MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਮੁੱਖ ਮੰਤਰੀ ਵੱਲੋਂ ਕਿਸਾਨ ਵਿਰੋਧੀ ਰਵੱਈਏ ਲਈ ਮੋਦੀ ਸਰਕਾਰ ਦੀ ਆਲੋਚਨਾ

* ਕਿਸਾਨ ਵਿਰੋਧੀ ਕਾਨੂੰਨ ਨੂੰ ਪਿਛਲੇ ਦਰਵਾਜੇ ਰਾਹੀਂ ਪਾਸ ਕਰਵਾਉਣ ਲਈ ਕੇਂਦਰ ਵੱਲੋਂ ਕਿਸੇ ਵੀ ਕਦਮ ਦਾ ਪੰਜਾਬ ਤਿੱਖਾ ਵਿਰੋਧ ਕਰੇਗਾ * ਕੇਂਦਰ ਸਰਕਾਰ ਨੂੰ ਕਿਸਾਨਾਂ ਨਾਲ ਗੱਲਬਾਤ ਕਰਨ ਦੀ ਅਪੀਲ * ਡੱਲੇਵਾਲ ਜੀ ਆਪਣਾ ਮਰਨ ਵਰਤ ਖਤਮ ਕਰਨ, ਉਨ੍ਹਾਂ ਦੀ ਜਾਨ ਦੇਸ ਲਈ ਕੀਮਤੀ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਕਿਸਾਨ ਵਿਰੋਧੀ ਰਵੱਈਏ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਸਪੱਸਟ ਸਬਦਾਂ ਵਿੱਚ ਕਿਹਾ ਕਿ ਕਿਸਾਨ ਵਿਰੋਧੀ ਸਖਤ ਕਾਨੂੰਨ ਨੂੰ ਪਿਛਲੇ ਦਰਵਾਜੇ ਰਾਹੀਂ ਪਾਸ ਕਰਨ ਲਈ ਕੇਂਦਰ ਸਰਕਾਰ ਵੱਲੋਂ ਕੀਤੀ ਜਾ ਰਹੀ ਕਿਸੇ ਵੀ ਕੋਸ਼ਿਸ ਦਾ ਸੂਬਾ ਸਰਕਾਰ ਜੋਰਦਾਰ ਵਿਰੋਧ ਕਰੇਗੀ।

ਇੱਥੇ ਆਪਣੀ ਸਰਕਾਰੀ ਰਿਹਾਇਸ ’ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਤੋਂ ਸੰਭੂ ਅਤੇ ਖਨੌਰੀ ਸਰਹੱਦਾਂ ’ਤੇ ਕਿਸਾਨ ਅੰਦੋਲਨ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਸੰਗਠਨ ਨੇ ਕੇਂਦਰ ਸਰਕਾਰ ਨਾਲ ਪਿਛਲੇ ਸਾਲ ਜਨਵਰੀ-ਫਰਵਰੀ ਵਿੱਚ ਵਿਸਥਾਰਪੂਰਵਕ ਗੱਲਬਾਤ ਕੀਤੀ ਅਤੇ ਇਹ ਗੱਲਬਾਤ ਕਰਵਾਉਣ ਲਈ ਸੂਬਾ ਸਰਕਾਰ ਨੇ ਪੁਲ ਦਾ ਕੰਮ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਮੁੱਖ ਤੌਰ ’ਤੇ ਕੇਂਦਰ ਸਰਕਾਰ ਨਾਲ ਸਬੰਧਤ ਹਨ ਅਤੇ ਇਸ ਵਿੱਚ ਪੰਜਾਬ ਦੀ ਕੋਈ ਭੂਮਿਕਾ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਕੇਂਦਰ ਵਿੱਚ ਸੱਤਾ ਹਾਸਲ ਕਰਨ ਤੋਂ ਬਾਅਦ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਕਿਸਾਨਾਂ ਨਾਲ ਕੋਈ ਸਰੋਕਾਰ ਜਾਹਰ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਹੁਣ ਕੇਂਦਰ ਸਰਕਾਰ ਪਿਛਲੇ ਦਰਵਾਜੇ ਰਾਹੀਂ ਕਾਲੇ ਕਾਨੂੰਨ ਵਾਪਸ ਲਿਆਉਣ ਦੀ ਕੋਸ਼ਿਸ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਕੇਂਦਰ ਸਰਕਾਰ ਨਾਲ ਜੁੜੀਆਂ ਹੋਈਆਂ ਹਨ ਪਰ ਮੋਦੀ ਸਰਕਾਰ ਇਸ ਪ੍ਰਤੀ ਉਦਾਸੀਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਮਰਨ ਵਰਤ ਜਾਰੀ ਹੈ ਪਰ ਕੇਂਦਰ ਸਰਕਾਰ ਨੂੰ ਕੋਈ ਫ਼ਿਕਰ ਨਹੀਂ ਹੈ, ਜਦਕਿ ਸੂਬਾ ਸਰਕਾਰ ਨੇ ਕਿਸਾਨ ਆਗੂ ਦੀ ਸਿਹਤ ਸੰਭਾਲ ਲਈ 50 ਤੋਂ ਵੱਧ ਡਾਕਟਰਾਂ ਦੀ ਤਾਇਨਾਤੀ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਖੁਦ ਡੱਲੇਵਾਲ ਨੂੰ ਫੋਨ ਕਰਕੇ ਮਰਨ ਵਰਤ ਖਤਮ ਕਰਨ ਦੀ ਅਪੀਲ ਕੀਤੀ ਸੀ ਪਰ ਕੇਂਦਰ ਸਰਕਾਰ ਨੇ ਅੰਨਦਾਤਿਆਂ ਦੀਆਂ ਭਾਵਨਾਵਾਂ ਨੂੰ ਠਾਰਨ ਦਾ ਕੋਈ ਉਪਰਾਲਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਚਾਹੁੰਦੀ ਹੈ ਕਿ ਸਾਂਤਮਈ ਢੰਗ ਨਾਲ ਬੈਠੇ ਡੱਲੇਵਾਲ ਅਤੇ ਕਿਸਾਨਾਂ ਨੂੰ ਧਰਨੇ ਵਾਲੀ ਥਾਂ ਤੋਂ ਉਠਾਇਆ ਜਾਵੇ, ਭਾਵੇਂ ਇਸ ਅੰਦੋਲਨ ਨਾਲ ਕਾਨੂੰਨ ਵਿਵਸਥਾ ਦੀ ਕੋਈ ਵੀ ਸਮੱਸਿਆ ਪੈਦਾ ਨਹੀਂ ਹੋ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਹੈਰਾਨ ਹਨ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਗੱਲ ਕਰਨ ਤੋਂ ਕੰਨੀ ਕਤਰਾ ਰਹੀ ਹੈ ਅਤੇ ਇਸ ਦੀ ਜ਼ਿੰਮੇਵਾਰੀ ਸੂਬਾ ਸਰਕਾਰ ‘ਤੇ ਪਾਉਣ ਦੀ ਕੋਸ਼ਿਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਕੋਈ ਉਪਰਾਲਾ ਕਰਨ ਦੀ ਬਜਾਏ ਕਿਸਾਨਾਂ ਦੀ ਜ਼ਿੰਮੇਵਾਰੀ ਤੈਅ ਕਰਨ ਦੀ ਕੋਸ਼ਿਸ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਬਜਾਏ ਫਿਰ ਤੋਂ ਕਾਲੇ ਕਾਨੂੰਨ ਲਾਗੂ ਕਰਨ ਲਈ ਤਿਆਰ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸੇ ਵੀ ਅਜਿਹੇ ਕਦਮ ਦੀ ਹਮਾਇਤ ਨਹੀਂ ਕਰੇਗੀ, ਜੋ ਪੰਜਾਬ ਅਤੇ ਇਸ ਦੇ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਪਹਿਲਾਂ ਹੀ ਲਾਗੂ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇੱਕ ਵਿਰੋਧਾਭਾਸ ਵਾਲੀ ਸਥਿਤੀ ਹੈ ਕਿਉਂਕਿ ਕਿਸਾਨਾਂ ਦੇ ਮੁੱਦੇ ਕੇਂਦਰ ਨਾਲ ਸਬੰਧਤ ਹਨ ਅਤੇ ਹਰਿਆਣਾ ਸਰਕਾਰ ਕਿਸਾਨਾਂ ‘ਤੇ ਤਾਕਤ ਦੀ ਵਰਤੋਂ ਕਰ ਰਹੀ ਹੈ, ਪਰ ਇਸ ਸਾਰੀ ਸਥਿਤੀ ਲਈ ਜਵਾਬਦੇਹ ਪੰਜਾਬ ਨੂੰ ਬਣਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਸਾਨ ਆਗੂ ਡੱਲੇਵਾਲ ਨੂੰ ਆਪਣਾ ਮਰਨ ਵਰਤ ਖ਼ਤਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਜਾਨ ਦੇਸ ਅਤੇ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਕਿਸਾਨਾਂ ਵੱਲੋਂ ਦੇਸ਼ ਲਈ ਪਾਏ ਜਾਂਦੇ ਇੰਨੇ ਵੱਡੇ ਯੋਗਦਾਨ ਦੇ ਬਾਵਜੂਦ ਕਿਸਾਨਾਂ ਨਾਲ ਗੱਲਬਾਤ ਸੁਰੂ ਕਰਨ ਲਈ ਕੋਈ ਉਪਰਾਲਾ ਨਹੀਂ ਕਰ ਰਹੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਨੂੰ ਹੰਕਾਰੀ ਅਤੇ ਬੇਰੁਖੀ ਵਾਲਾ ਰਵੱਈਆ ਤਿਆਗ ਕੇ ਸਾਰੇ ਸਬੰਧਤਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨੂੰ ਡੀ.ਏ.ਪੀ. ਖਾਦ ਮੁਹੱਈਆ ਕਰਵਾਉਣ ਵਿੱਚ ਨਾਕਾਮ ਰਹੀ ਹੈ ਅਤੇ ਸੂਬੇ ਵਿੱਚੋਂ ਚੌਲਾਂ ਦੀ ਚੁਕਾਈ ਅਜੇ ਤੱਕ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਬਜਾਏ ਸੂਬੇ ਵਿੱਚ ਖਾਸ ਕਰਕੇ ਕਿਸਾਨਾਂ ਅਤੇ ਸਰਕਾਰ ਦਰਮਿਆਨ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਪੂਰੀ ਤਰ੍ਹਾਂ ਨਾ-ਬਰਦਾਸ਼ਤਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਗੰਨਾ ਕਾਸਤਕਾਰਾਂ ਨੂੰ ਸਭ ਤੋਂ ਵੱਧ ਐਸ.ਏ.ਪੀ. ਦੇ ਰਹੀ ਹੈ ਅਤੇ ਸੂਬੇ ਵਿੱਚ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਕਿਸਾਨ ਅੰਦੋਲਨ ਨਾਲ ਨਜਿੱਠਣ ਲਈ ਨਾ ਤਾਂ ਏਅਰ ਐਂਬੂਲੈਂਸ ਦੀ ਲੋੜ ਹੈ ਅਤੇ ਨਾ ਹੀ ਵਾਧੂ ਫੋਰਸ ਦੀ ਲੋੜ ਹੈ ਪਰ ਕੇਂਦਰ ਸਰਕਾਰ ਨੂੰ ਸਾਰੇ ਭਾਈਵਾਲਾਂ, ਖਾਸ ਕਰਕੇ ਕਿਸਾਨਾਂ ਨਾਲ ਗੱਲਬਾਤ ਸੁਰੂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੜੇ ਯਤਨਾਂ ਸਦਕਾ ਹਾਸਲ ਕੀਤੀ ਗਈ ਸੂਬੇ ਦੀ ਅਮਨ-ਸਾਂਤੀ ਨੂੰ ਹਰ ਕੀਮਤ ‘ਤੇ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਲਾਹਾ ਲੈਣ ਲਈ ਕੇਂਦਰ ਨੂੰ ਇੰਨਾ ਵੀ ਥੱਲੇ ਨਹੀਂ ਡਿੱਗਣਾ ਚਾਹੀਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਗੱਲਬਾਤ ਕਰਕੇ ਇਸ ਮੁੱਦੇ ਨੂੰ ਹੱਲ ਕਰਨ ਤੋਂ ਭੱਜ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਰੋਜਾਨਾ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਉਠਾ ਰਹੇ ਹਨ ਪਰ ਕੇਂਦਰ ਕਿਸਾਨਾਂ ਦੀ ਕਿਸੇ ਵੀ ਮੰਗ ਵੱਲ ਧਿਆਨ ਨਹੀਂ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਸੂਬੇ ਦਾ ਵਿਸਾ ਹੈ ਪਰ ਕੇਂਦਰ ਸਰਕਾਰ ਆਪਣਾ ਫੈਸਲਾ ਸੂਬੇ ‘ਤੇ ਥੋਪਣ ਦੀ ਕੋਸ਼ਿਸ ਕਰ ਰਹੀ ਹੈ, ਜੋ ਕਿ ਗੈਰ-ਵਾਜਬ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇੱਕ ਸੱਚਾਈ ਹੈ ਕਿ ਮੋਦੀ ਸਰਕਾਰ ਨੂੰ ਆਪਣੇ ਫੈਸਲੇ ਲਾਗੂ ਕਰਨ ਲਈ ਤਾਕਤ ਦੀ ਵਰਤੋਂ ਕਰਨ ਦੀ ਆਦਤ ਪੈ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੋਦੀ ਕੋਲ ਖੁਦ ਨੂੰ ਵਿਸਵ ਗੁਰੂ ਵਜੋਂ ਦਰਸਾਉਣ ਦਾ ਸਮਾਂ ਹੈ ਪਰ ਉਹ ਆਪਣੇ ਦੇਸ ਵਾਸੀਆਂ ਨੂੰ ਦਰਪੇਸ ਸਮੱਸਿਆਵਾਂ ਨੂੰ ਹੱਲ ਨਹੀਂ ਕਰਨਾ ਚਾਹੁੰਦੇ।

# 70000 ਰੁਪਏ ਰਿਸ਼ਵਤ ਲੈਂਦਾ ਹੌਲਦਾਰ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਵੀਰਵਾਰ ਨੂੰ ਥਾਣਾ ਸੰਗਤ, ਜ਼ਿਲ੍ਹਾ ਬਠਿੰਡਾ ਵਿਖੇ ਤਾਇਨਾਤ ਹੌਲਦਾਰ ਕੁਲਦੀਪ ਸਿੰਘ ਨੂੰ 70000 ਰੁਪਏ ਰਿਸ਼ਵਤ ਦੀ ਮੰਗ ਕਰਨ ਅਤੇ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਇਹ ਕੇਸ ਬਠਿੰਡਾ ਜ਼ਿਲ੍ਹੇ ਦੇ ਪਿੰਡ ਪਥਰਾਲਾ ਦੇ ਵਸਨੀਕ ਜਗਵਿੰਦਰ ਸਿੰਘ ਦੀ ਸ਼ਿਕਾਇਤ ’ਤੇ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਸਦਾ ਦੋਸਤ ਇੱਕ ਕੇਸ ਵਿੱਚ ਬਠਿੰਡਾ ਜੇਲ੍ਹ ਵਿੱਚ ਬੰਦ ਹੈ ਅਤੇ ਉਕਤ ਪੁਲਿਸ ਮੁਲਾਜ਼ਮ ਨੇ ਉਸਦੀ ਪਤਨੀ ਦਾ ਨਾਮ ਵੀ ਕੇਸ ਵਿੱਚ ਸ਼ਾਮਲ ਕਰਨ ਦੀ ਧਮਕੀ ਦਿੱਤੀ ਅਤੇ ਉਸ ਨੂੰ ਕੇਸ ਵਿੱਚ ਨਾਮਜ਼ਦ ਨਾ ਕਰਨ ਲਈ 1,50,000 ਰੁਪਏ ਦੀ ਮੰਗ ਕੀਤੀ ਸੀ, ਪਰ ਸੌਦਾ 70000 ਰੁਪਏ ਵਿੱਚ ਤੈਅ ਹੋਇਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਰਕਮ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿੱਚ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਦਸ ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪੀ.ਐਸ.ਪੀ.ਸੀ.ਐੱਲ. ਦਾ ਮੁਲਾਜ਼ਮ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਉਮਰਪੁਰਾ ਸਬ ਡਵੀਜ਼ਨ ਦਫ਼ਤਰ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਜਗਦੀਸ਼ ਸਿੰਘ ਨੂੰ 10000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਤਹਿਸੀਲ ਬਟਾਲਾ ਦੇ ਪਿੰਡ ਫੂਲਕਾ ਦੇ ਵਸਨੀਕ ਗੁਰਵਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਮੁਲਜ਼ਮ ਲਾਈਨਮੈਨ ਨੇ ਜਾਣਬੁੱਝ ਕੇ ਪੈਸੇ ਵਸੂਲਣ ਦੀ ਨੀਅਤ ਨਾਲ ਪਿੰਡ ਫੂਲਕਾ ਵਿਖੇ ਸਥਿਤ ਉਸਦੀ ਵਾਹੀਯੋਗ ਜ਼ਮੀਨ ਉੱਪਰੋਂ ਬਿਜਲੀ ਦੀਆਂ ਤਾਰਾਂ ਲਗਾਈਆਂ ਸਨ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਲਾਈਨਮੈਨ ਇਨ੍ਹਾਂ ਬਿਜਲੀ ਦੀਆਂ ਲਾਈਨਾਂ ਦੀ ਥਾਂ ਬਦਲਣ ਬਦਲੇ 1500 ਰੁਪਏ ਪਹਿਲਾਂ ਵੀ ਲੈ ਚੁੱਕਾ ਹੈ ਅਤੇ 10,000 ਰੁਪਏ ਹੋਰ ਰਿਸ਼ਵਤ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਰੇਂਜ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

# ਕਾਫ਼ਲੇ ਵੱਲੋਂ ਕੁਲਦੀਪ ਸਿੰਘ ਪ੍ਰਦੇਸੀ ਨੂੰ ਸਮਰਪਿਤ ਕਵੀ ਦਰਬਾਰ ਨੂੰ ਸ਼ਾਨਦਾਰ ਹੁੰਗਾਰਾ







ਬਰੈਂਪਟਨ, 2 ਜਨਵਰੀ (ਰਛਪਾਲ ਕੌਰ ਗਿੱਲ): 'ਪੰਜਾਬੀ ਕਲਮਾਂ ਦਾ ਕਾਫ਼ਲਾ ਟੋਰਾਂਟੋ' ਦੀ ਮਹੀਨੇਵਾਰ ਮੀਟਿੰਗ ਦੌਰਾਨ ਕੁਲਦੀਪ ਸਿੰਘ ਪ੍ਰਦੇਸੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਵਿਸ਼ਾਲ ਕਵੀ ਦਰਬਾਰ ਆਯੋਜਿਤ ਕੀਤਾ ਗਿਆ।

ਕੁਲਵਿੰਦਰ ਖਹਿਰਾ ਨੇ ਕੁਲਦੀਪ ਸਿੰਘ ਪ੍ਰਦੇਸੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੱਕ ਅਮੀਰ ਘਰ 'ਚ ਪੈਦਾ ਹੋਏ ਪ੍ਰਦੇਸੀ ਸਾਹਿਬ ਦਾ ਬਚਪਨ ਅਜਿਹੇ ਦੁੱਖਾਂ ਅਤੇ ਸਦਮਿਆਂ ਭਰਿਆ ਸੀ ਜਿਹੜੇ ਮਨੁੱਖ ਨੂੰ ਅੱਤਵਾਦੀ, ਕਾਤਲ, ਲੁਟੇਰਾ ਜਾਂ ਬਲਾਤਕਾਰੀ ਬਣਾ ਕੇ ਰੱਖ ਦਿੰਦੇ ਹਨ। ਇਨ੍ਹਾਂ ਸਦਮਿਆਂ ਨੇ ਕੁਲਦੀਪ ਸਿੰਘ ਪ੍ਰਦੇਸੀ ਨੂੰ ਤੋੜਨ ਦੀ ਬਜਾਇ ਉਸਦੀ ਜਮੀਰ ਨੂੰ ਨਿਖਾਰਿਆ ਤੇ ਉਸ ਵਿੱਚੋਂ ਇੱਕ ਦਰਦਮੰਦ ਇਨਸਾਨ ਪੈਦਾ ਕੀਤਾ। ਬਦਲਾਖੋਰੀ ਭਾਵਨਾ ਪੈਦਾ ਕਰਨ ਦੀ ਬਜਾਇ ਪ੍ਰਦੇਸੀ ਸਾਹਿਬ ਨੇ ਲੋਕਾਈ ਦੇ ਦਰਦ ਨੂੰ ਆਪਣਾ ਦਰਦ ਬਣਾਇਆ ਅਤੇ ਸਾਰੀ ਉਮਰ ਮਜ਼ਲੂਮਾਂ ਦੀ ਆਵਾਜ਼ ਤੇ ਆਸਰਾ ਬਣਨ ਦੀ ਕੋਸ਼ਿਸ਼ ਵਿੱਚ ਲੱਗੇ ਰਹੇ।

ਇਸਤੋਂ ਬਾਦ ਓਂਕਾਰਪ੍ਰੀਤ ਨੇ ਕੁਲਦੀਪ ਸਿੰਘ ਪ੍ਰਦੇਸੀ ਸਾਹਿਬ ਨੂੰ ਸ਼ਰਧਾਂਜਲੀ ਪੇਸ਼ ਕਰਦਿਆ ਦੱਸਿਆ ਕਿ ਪ੍ਰਦੇਸੀ ਸਾਹਿਬ ਨੇ ਉਨ੍ਹਾਂ ਨੂੰ ਕਹਿ ਕੇ "ਔਰਤ ਦੀ ਚਾਰ ਦਿਨਾਂ ਦੀ ਜ਼ਿੰਦਗੀ" ਗੀਤ ਲਿਖਵਾਇਆ ਸੀ ਜੋ ਉਹ ਹਰ ਮਹਿਫ਼ਲ ਅਤੇ ਹਰ ਸਮਾਗਮ 'ਤੇ ਗਾਉਂਦੇ ਰਹੇ। ਗੁਰਬਚਨ ਚਿੰਤਕ ਨੇ ਆਪਣੀ ਨਿੱਜੀ ਸਾਂਝ ਬਿਆਨ ਕਰਦਿਆਂ ਸ਼ਰਧਾਂਜਲੀ ਪੇਸ਼ ਕੀਤੀ, ਰਛਪਾਲ ਕੌਰ ਗਿੱਲ ਨੇ ਕਿਹਾ ਕਿ ਪਰਦੇਸੀ ਸਾਹਿਬ ਔਰਤਾਂ ਪ੍ਰਤੀ ਬਹੁਤ ਹੀ ਸੰਵੇਦਨਸ਼ੀਲ ਸਨ। ਜਰਨੈਲ ਸਿੰਘ ਕਹਾਣੀਕਾਰ ਨੇ ਕਿਹਾ ਕਿ ਪ੍ਰਦੇਸੀ ਸਾਹਿਬ ਦੀ ਅਵਾਜ਼ ਵਿੱਚ ਜਾਦੂਮਈ ਅਸਰ ਸੀ।

ਕੁਲਦੀਪ ਸਿੰਘ ਪ੍ਰਦੇਸੀ ਇੱਕ ਨਾਮਵਰ ਗਾਇਕ ਸਨ ਜਿਨ੍ਹਾਂ ਨੇ ਨਰਿੰਦਰ ਬੀਬਾ ਅਤੇ ਸੁਰਿੰਦਰ ਕੌਰ ਹੁਰਾਂ ਨਾਲ਼ "ਹੋਇਆ ਕੀ ਪਰਾਹੁਣਿਆ ਵੇ ਤੇਰੀ ਮੱਤ ਨੂੰ" ਵਰਗੇ ਗੀਤ ਰਿਕਾਰਡ ਕਰਵਾਏ ਅਤੇ ਫਿਰ ਚਰਚਨ ਸਿੰਘ ਸਫ਼ਰੀ, ਕਰਤਾਰ ਸਿੰਘ ਬਲੱਗਣ, ਮਹਿੰਦਰ ਸਿੰਘ ਦਰਦ ਆਦਿ ਸ਼ਾਇਰਾਂ ਦੀ ਸ਼ਾਇਰੀ ਨਾਲ਼ ਪੰਜਾਬੀ ਵਿੱਚ ਪਹਿਲਾ ਗ਼ਜ਼ਲ ਗਾਇਕੀ ਦਾ ਰਿਕਾਰਡ ਬਣਾਉਣ ਦੇ ਨਾਲ਼ ਨਾਲ਼ ਡਾ. ਜਗਤਾਰ, ਸੁਰਜੀਤ ਪਾਤਰ, ਕ੍ਰਿਸ਼ਨ ਭਨੋਟ ਆਦਿ ਦੀਆਂ ਗ਼ਜ਼ਲਾਂ ਵੀ ਗਾਈਆਂ।

ਨਾਟਕਕਾਰ ਕ੍ਰਿਪਾਲ ਕੰਵਲ (ਕਵੀ ਨਿਰੰਜਨ ਸਿੰਘ ਨੂਰ ਦੇ ਭਤੀਜੇ) ਨੇ ਪ੍ਰਦੇਸੀ ਸਾਹਿਬ ਦੀ ਨੂਰ ਸਾਹਿਬ ਨਾਲ਼ ਸਾਂਝ ਦਾ ਹਵਾਲਾ ਦਿੰਦਿਆਂ ਜਿੱਥੇ ਪ੍ਰਦੇਸੀ ਸਾਹਿਬ ਵੱਲੋਂ ਨੂਰ ਸਾਹਿਬ ਦਾ ਗਾਇਆ ਹੋਇਆ ਗੀਤ "ਮੈਂ ਆਪਣੀ ਭਾਲ਼ ਵਿੱਚ ਤੁਰਿਆਂ ਤੇ ਸ਼ਾਇਦ ਪਰਤ ਹੀ ਆਵਾਂ, ਤੂੰ ਦੀਵਾ ਬਾਲ਼ ਕੇ ਰੱਖੀਂ..." ਪੇਸ਼ ਕੀਤਾ ਓਥੇ ਪ੍ਰਦੇਸੀ ਸਾਹਿਬ ਦੀ ਹੀ ਗਾਈ ਹੋਈ ਚਰਨ ਸਿੰਘ ਸਫ਼ਰੀ ਦੀ ਰਚਨਾ "ਬੜੇ ਮਾਸੂਮ ਨੇ ਸਾਜਨ, ਸ਼ਰਾਰਤ ਕਰ ਵੀ ਜਾਂਦੇ ਨੇ ..." ਵੀ ਤਰੰਨਮ ਵਿੱਚ ਪੇਸ਼ ਕੀਤੀ।

ਪ੍ਰਦੇਸੀ ਸਾਹਿਬ ਦੀ ਬੇਟੀ ਰੀਨਾ, ਬੇਟੇ ਹਰਪ੍ਰੀਤ ਤੇ ਦੋਹਤੇ ਅੰਮ੍ਰਿਤ ਨੇ ਉਨ੍ਹਾਂ ਨਾਲ਼ ਜੁੜੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੀ ਆਪਣੇ ਬੱਚਿਆਂ ਪ੍ਰਤੀ ਲਗਨ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਉਹ ਆਪਣੇ ਬਾਪ ਸਦਕਾ ਹੀ ਵਧੀਆ ਵਿੱਦਿਆ ਹਾਸਲ ਕਰ ਸਕੇ ਹਨ ਤੇ ਮਿਊਜ਼ਕ ਤੇ ਸ਼ਾਇਰੀ ਨਾਲ਼ ਵੀ ਜੁੜੇ ਹੋਏ ਹਨ।

ਕਵੀ ਦਰਬਾਰ ਵਿੱਚ ਗੁਰਬਚਨ ਚੇਤਕ, ਗੁਰਦੇਵ ਚੌਹਾਨ, ਤਲਵਿੰਦਰ ਮੰਡ, ਗਿਆਨ ਸਿੰਘ ਦਰਦੀ, ਇਕਬਾਲ ਬਰਾੜ, ਨਿਰਮਲ ਜਸਵਾਲ, ਕੁਲਦੀਪ ਪਾਹਵਾ, ਸੁਰਜੀਤ ਕੌਰ, ਮਲਵਿੰਦਰ ਸਿੰਘ, ਸੁਸਮਾ, ਡਾ਼ ਬਲਵਿੰਦਰ, ਰਿੰਟੂ ਭਾਟੀਆ, ਉਜ਼ਮਾ ਮਹਿਮੂਦ, ਬਲਰਾਜ ਧਾਲੀਵਾਲ, ਓਂਕਾਰਪ੍ਰੀਤ, ਸੁਖਚਰਨਜੀਤ ਗਿੱਲ, ਪਰਮਜੀਤ ਢਿੱਲੋਂ, ਰਸ਼ੀਦ ਨਦੀਮ, ਸੁਖਦੇਵ ਝੰਡ ਸਭ ਨੇ ਵੱਖ ਵੱਖ ਰੰਗਾਂ ਦੀਆਂ ਰਚਨਾਵਾਂ ਸਾਂਝੀਆਂ ਕਰਕੇ ਕਵੀ ਦਰਬਾਰ ਵਿੱਚ ਹਿੱਸਾ ਪਾਇਆ।

ਅਖੀਰ ਤੇ ਪਿਆਰਾ ਸਿੰਘ ਕੁਦੋਵਾਲ ਨੇ ਸਭ ਹਾਜ਼ਰੀਨ ਦਾ ਧੰਨਵਾਦ ਕੀਤਾ। ਸੰਵਿਧਾਨ ਦੇ ਨਿਯਮਾਂ ਦੀ ਕਦਰ ਕਰਦਿਆਂ ਹੋਇਆ ਉਸਨੇ ਆਪਣੀ ਕਾਫ਼ਲੇ ਦੇ ਸੰਚਾਲਕ ਦੀ ਜ਼ੁੰਮਿਵਾਰੀ ਤੋਂ ਅਸਤੀਫ਼ਾ ਦਿੱਤਾ ਕਿਉਂਕਿ ਉਹ ਹੋਰ ਸੰਸਥਾਵਾਂ ਨਾਲ਼ ਜ਼ੁੰਮਿਵਾਰੀ ਨਿਭਾਉਣ ਲਈ ਵਚਨਬੱਧ ਹਨ।

ਇਸ ਤੋਂ ਇਲਾਵਾ ਰਾਜ ਘੁੰਮਣ, ਜਤਿੰਦਰ ਰੰਧਾਵਾ, ਬਲਜੀਤ ਧਾਲੀਵਾਲ, ਸੁਧੀਰ ਘਈ, ਸੁਰਿੰਦਰ ਸਿੰਘ,ਹਰਜਿੰਦਰ ਸਿੰਘ, ਨਛੱਤਰ ਪ੍ਰੀਤੀ ਢਿੱਲੋਂ, ਕਬੀਰ ਘੁੰਮਣ, ਕੁਲਜੀਤ ਸੈਣੀ, ਅਜ਼ਾਦ ਘੁੰਮਣ, ਮਨਤੇਜ ਬਾਜਵਾ, ਸਿਕੰਦਰ ਗਿੱਲ, ਸ਼ਮਸ਼ੇਰ ਸਿੰਘ, ਗੁਰਜਿੰਦਰ ਸਿੰਘ ਸੰਘੇੜਾ, ਗੁਰਬਖਸ਼ ਕੌਰ ਬੈਂਸ, ਲਾਲ ਸਿੰਘ ਬੈਂਸ, ਸਤਿੰਦਰ ਸਿੰਘ, ਨਾਹਰ ਸਿੰਘ, ਜਸਰਾਜ ਸਿੰਘ, ਸੁੱਚਾ ਸਿੰਘ ਨੇ ਵੀ ਮੀਟਿੰਗ ਵਿੱਚ ਹਾਜ਼ਰੀ ਲਵਾਈ।

ਇਸ ਮੀਟਿੰਗ ਵਿੱਚ ਕਿਰਪਾਲ ਕੰਵਲ ਅਤੇ ਰਾਜਿੰਦਰ ਸਿੰਘ ਸੰਧੂ ਹੁਰਾਂ ਵੱਲੋਂ ਚਾਹ-ਪਾਣੀ ਦਾ ਪ੍ਰਬੰਧ ਕੀਤਾ ਗਿਆ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Natasha Mahal, Co-Host
Cell:416-587-5520
Email: iqbalmahal46@gmail.com
Iqbal Mahal, Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪੰਜਾਬ ਜੇਲ੍ਹ ਵਿਭਾਗ ਦਾ ਇਤਿਹਾਸਕ ਉਪਰਾਲਾ: ਪਹਿਲੀ ਵਾਰ ਜੇ.ਬੀ.ਟੀ. ਅਧਿਆਪਕਾਂ ਦੀ ਕੀਤੀ ਰੈਗੂਲਰ ਭਰਤੀ

## ਲਾਲਜੀਤ ਸਿੰਘ ਭੁੱਲਰ ਨੇ 15 ਜੇ.ਬੀ.ਟੀ. ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ



ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਜੇਲ੍ਹ ਵਿਭਾਗ ਵਿੱਚ ਜੇ.ਬੀ.ਟੀ. ਅਧਿਆਪਕਾਂ ਦੀਆਂ ਆਸਾਮੀਆਂ ਲਈ ਪਹਿਲੀ ਵਾਰ ਇਤਿਹਾਸਕ ਰੈਗੂਲਰ ਭਰਤੀ ਕਰਦਿਆਂ 15 ਜੇ.ਬੀ.ਟੀ. ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਇੱਥੇ ਪੰਜਾਬ ਭਵਨ ਵਿਖੇ ਨਿਯੁਕਤੀ ਪੱਤਰ ਵੰਡ ਸਮਾਰੋਹ ਦੌਰਾਨ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਅਧਿਆਪਕ ਕੈਦੀਆਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਅਤ ਕਰਨ ਅਤੇ ਕੈਦੀਆਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਹਿਲਾਂ ਅਧਿਆਪਕਾਂ ਦੀਆਂ ਇਹ ਆਸਾਮੀਆਂ ਕੱਚੇ ਤੌਰ 'ਤੇ ਭਰੀਆਂ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਤਿੰਨ ਦਹਾਕਿਆਂ ਬਾਅਦ ਪਹਿਲੀ ਵਾਰ ਇਨ੍ਹਾਂ ਆਸਾਮੀਆਂ 'ਤੇ ਰੈਗੂਲਰ ਭਰਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਨਵ-ਨਿਯੁਕਤ ਅਧਿਆਪਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਤਾਇਨਾਤ ਕਰਨ ਨੂੰ ਪਹਿਲ ਦਿੱਤੀ ਗਈ ਹੈ ਤਾਂ ਜੋ ਉਹ ਆਪਣੀ ਡਿਊਟੀ ਆਸਾਨੀ ਨਾਲ ਨਿਭਾ ਸਕਣ।

ਜੇਲ੍ਹ ਮੰਤਰੀ ਨੇ ਵਿਭਾਗ ਵਿੱਚ ਭਰਤੀ ਸਬੰਧੀ ਚੱਲ ਰਹੀਆਂ ਪਹਿਲਕਦਮੀਆਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਹਾਲ ਹੀ ਵਿੱਚ ਮੁਕੰਮਲ ਹੋਈ ਭਰਤੀ ਮੁਹਿੰਮ ਵਿੱਚੋਂ 738 ਵਾਰਡਰ ਅਤੇ 25 ਮੈਟਰਨ ਪਹਿਲਾਂ ਹੀ ਆਪਣੀ ਡਿਊਟੀ ਸੰਭਾਲ ਚੁੱਕੇ ਹਨ। ਇਸ ਤੋਂ ਇਲਾਵਾ 175 ਵਾਰਡਰਾਂ ਅਤੇ 4 ਮੈਟਰਨਾਂ ਸਮੇਤ ਗਾਰਡ ਸਟਾਫ਼ ਦੀਆਂ 179 ਆਸਾਮੀਆਂ ਲਈ ਭਰਤੀ ਪ੍ਰਕਿਰਿਆ ਪ੍ਰਗਤੀ ਅਧੀਨ ਹੈ।

ਵਿਭਾਗ ਨੂੰ ਮਜ਼ਬੂਤ ਕਰਨ ਪ੍ਰਤੀ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਐਲਾਨ ਕੀਤਾ ਕਿ ਜੇਲ੍ਹ ਵਿਭਾਗ ਵਿੱਚ ਵੱਖ-ਵੱਖ ਕਾਡਰਾਂ ਦੀਆਂ 1220 ਆਸਾਮੀਆਂ ਨੂੰ ਮੁੜ ਸੁਰਜੀਤ ਕੀਤਾ ਜਾ ਰਿਹਾ ਹੈ ਜਿਸ ਸਬੰਧੀ ਭਰਤੀ ਪ੍ਰਕਿਰਿਆ ਜਲਦ ਸ਼ੁਰੂ ਕੀਤੀ ਜਾਵੇਗੀ।

ਜੇਲ੍ਹਾਂ ਵਿੱਚ ਜਾਰੀ ਵਿੱਦਿਅਕ ਪਹਿਲਕਦਮੀਆਂ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਦੇ ਸਿੱਖਿਆ ਦਾਤ ਪ੍ਰਾਜੈਕਟ ਤਹਿਤ ਇਸ ਸਮੇਂ ਲਗਭਗ 2200 ਕੈਦੀ ਵੱਖ-ਵੱਖ ਵਿਦਿਅਕ ਕੋਰਸ ਕਰ ਰਹੇ ਹਨ ਜਦਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਜਨਵਰੀ 2025 ਵਿੱਚ ਸ਼ੁਰੂ ਕੀਤੇ ਜਾ ਰਹੇ ਇਲੈਕਟ੍ਰੀਸ਼ੀਅਨ, ਪਲੰਬਰ ਅਤੇ ਟੇਲਰਿੰਗ ਸਮੇਤ ਵੱਖ-ਵੱਖ ਕੋਰਸਾਂ ਵਿੱਚ 513 ਕੈਦੀ ਹੁਨਰ ਵਿਕਾਸ ਸਿਖਲਾਈ ਲੈਣ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮਹਿਜ਼ 33 ਮਹੀਨਿਆਂ ਵਿੱਚ ਨੌਜਵਾਨਾਂ ਨੂੰ ਲਗਭਗ 50,000 ਰੈਗੂਲਰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਨੌਕਰੀਆਂ ਦੇਣ ਦੀ ਪਹਿਲਕਦਮੀ ਨੌਜਵਾਨਾਂ ਦੇ ਵਿਦੇਸ਼ਾਂ ਵਿੱਚ ਜਾਣ ਦੇ ਰੁਝਾਨ ਨੂੰ ਠੱਲ੍ਹ ਪਾਉਂਦਿਆਂ ਨੌਜਵਾਨਾਂ ਨੂੰ ਨੌਕਰੀਆਂ ਹਾਸਲ ਕਰਨ ਲਈ ਲਾਈਨ ਵਿੱਚ ਲੱਗਣ ਦੀ ਬਜਾਏ ਰੁਜ਼ਗਾਰ ਦੇਣ ਵਾਲੇ ਬਣਾਉਣ ਸਬੰਧੀ ਮੁੱਖ ਮੰਤਰੀ ਦੇ ਸੰਕਲਪ ਨੂੰ ਪੂਰਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ 2,65,430 ਉਮੀਦਵਾਰਾਂ ਲਈ ਪ੍ਰਾਈਵੇਟ ਖੇਤਰ ਵਿੱਚ ਰੁਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ।

# 'ਆਇਰਨਮੈਨ' ਹਰਜੀਤ ਸਿੰਘ ਹੈਰੀ ਉਨਟਾਰੀਉ ਖਾਲਸਾ ਦਰਬਾਰ ਡਿਕਸੀ ਤੇ ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਿਹ ਸਿੰਘ ਯਾਦਗਾਰੀ ਕਮੇਟੀਆਂ ਵੱਲੋਂ ਸਨਮਾਨਿਤ

ਬਰੈਂਪਟਨ, (ਡਾ. ਝੰਡ) - ਹਰਜੀਤ ਸਿੰਘ ਉਰਫ਼ 'ਹੈਰੀ' ਜੋ 23 ਅਕਤੂਬਰ 2024 ਨੂੰ ਅਮਰੀਕਾ ਦੇ ਸ਼ਹਿਰ ਜਿਨੀਵਾ ਵਿਚ ਹੋਏ ਵਿਸ਼ਵ-ਪੱਧਰ ਦੇ ਸੱਭ ਤੋਂ ਸਖ਼ਤ ਮੁਕਾਬਲੇ ਵਿਚ 'ਆਇਰਨਮੈਨ' ਐਲਾਨੇ ਗਏ ਸਨ, ਨੂੰ ਉਨਟਾਰੀਉ ਖਾਲਸਾ ਦਰਬਾਰ ਦੀ ਪ੍ਰਬੰਧਕ ਕਮੇਟੀ ਅਤੇ ਬਾਬਾ ਜ਼ੋਰਾਵਾਰ ਬਾਬਾ ਫ਼ਤਿਹ ਸਿੰਘ ਯਾਦਗਾਰੀ ਕਮੇਟੀ ਫ਼ਤਿਹਗੜ੍ਹ ਵੱਲੋਂ ਲੰਘੇ 25 ਦਸੰਬਰ ਨੂੰ ਡਿਕਸੀ ਗੁਰੂਘਰ ਵਿੱਚ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਹਰਜੀਤ ਸਿੰਘ ਫ਼ਤਿਹਗੜ੍ਹ ਸਾਹਿਬ ਜ਼ਿਲੇ ਦੇ ਕਸਬੇ ਬੱਸੀ ਪਠਾਣਾਂ ਦੇ ਵਸਨੀਕ ਹਨ। ਦੋਹਾਂ ਕਮੇਟੀਆਂ ਦੇ ਪ੍ਰਬੰਧਕਾਂ ਵੱਲੋਂ ਹਰਜੀਤ ਸਿੰਘ ਨੂੰ ਵੱਡੇ ਆਕਾਰ ਦਾ ਸ੍ਰੀ ਹਰਿਮੰਦਰ ਸਾਹਿਬ ਦਾ ਖ਼ੂਬਸੂਰਤ ਮਾਡਲ ਪ੍ਰਦਾਨ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।




ਇਹ ਕੇਵਲ ਹਰਜੀਤ ਸਿੰਘ ਦਾ ਹੀ ਨਹੀਂ, ਸਗੋਂ ਇਹ ਸਮੁੱਚੀ ਪੰਜਾਬੀ ਕਮਿਊਨਿਟੀ ਦਾ ਸਨਮਾਨ ਹੈ, ਕਿਉਂਕਿ ਹਰਜੀਤ ਸਿੰਘ ਨੇ 'ਆਇਰਨਮੈਨ' ਦਾ ਇਹ ਵਿਸ਼ਵ-ਪੱਧਰੀ ਖ਼ਿਤਾਬ ਜਿੱਤ ਕੇ ਸਾਰੀ ਦੁਨੀਆਂ ਵਿੱਚ ਪੰਜਾਬੀ ਕਮਿਊਨਿਟੀ ਦਾ ਨਾਂ ਉੱਚਾ ਕੀਤਾ ਕੀਤਾ ਹੈ। ਦੱਸਣਾ ਬਣਦਾ ਹੈ ਕਿ ਉਨ੍ਹਾਂ ਨੂੰ ਬਰੈਂਪਟਨ ਡਾਊਨ ਟਾਊਨ ਸਥਿਤ ਸਿਟੀ ਕੌਂਸਲ ਦੇ ਆਫ਼ਿਸ ਵਿੱਚ 11 ਦਸੰਬਰ ਨੂੰ ਉਚੇਚੇ ਤੌਰ 'ਤੇ ਬੁਲਾ ਕੇ ਬਰੈਂਪਟਨ ਦੇ ਮੇਅਰ ਪੈਟਰਿਕ ਬਰਾਊਨ, ਡਿਪਟੀ ਮੇਅਰ ਹਰਕੀਰਤ ਸਿੰਘ ਤੇ ਸਿਟੀ ਕੌਂਸਲਰਾਂ ਵੱਲੋਂ ਵੀ ਸਨਮਾਨਿਤ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਜੀ ਟੀ ਐੱਮ ਦੇ ਮੁੱਖ-ਪ੍ਰਬੰਧਕਾਂ ਬਲਜਿੰਦਰ ਲੇਲਣਾ, ਜਸਪਾਲ ਗਰੇਵਾਲ ਤੇ ਉਨ੍ਹਾਂ ਸਟਾਫ਼ ਵੱਲੋਂ ਵੱਲੋਂ ਹਰਜੀਤ ਸਿੰਘ ਨੂੰ 5ਦਸੰਬਰਨੂੰ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਸੀ।

ਪਾਠਕਾਂ ਦੀ ਜਾਣਕਾਰੀ ਲਈ ਇੱਥੇ ਇਹ ਵੀ ਦੱਸਣਾ ਜ਼ਰੂਰੀ ਹੈ ਕਿ ਇਸ ਵਿਸ਼ਵ-ਪੱਧਰੀ ਮੁਕਾਬਲੇ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਇਸ ਦੇ ਤਿੰਨ ਵੱਖ-ਵੱਖ ਪੜਾਵਾਂ ਵਿੱਚੋਂ ਸਫ਼ਲਤਾ ਪੂਰਵਕ ਗੁਜ਼ਰ ਕੇ ਅੱਗੇ ਵੱਧਣਾ ਹੁੰਦਾ ਹੈ। ਪਹਿਲੇ ਪੜਾਅ ਵਿੱਚ ਉਨ੍ਹਾਂ ਨੇ ਚਾਰ ਕਿਲੋਮੀਟਰ ਤੈਰਨਾ ਹੁੰਦਾ ਹੈ ਅਤੇ ਇਸ ਦੇ ਲਈ ਨਿਸਚਤ ਕੀਤੇ ਗਏ ਸਮੇਂ ਦੇ ਅੰਦਰ-ਅੰਦਰ ਇਹ ਪੜਾਅ ਪੂਰਾ ਕਰਨ ਵਾਲੇ ਇਸ ਦੇ ਅਗਲੇ ਪੜਾਅ ਵਿਚ ਦਾਖ਼ਲ ਹੁੰਦੇ ਹਨ ਜਿੱਥੇ ਉਨ੍ਹਾਂ ਨੇ ਦੂਸਰੇ ਪੜਾਅ ਵਿੱਚ 180 ਕਿਲੋਮੀਟਰ ਸਾਈਕਲ ਚਲਾਉਣਾ ਹੁੰਦਾ ਹੈ। ਇੱਥੋਂ ਸਫ਼ਲ ਹੋਣ ਵਾਲੇ ਮੁਕਾਬਲੇਬਾਜ਼ ਇਸ ਦੇ ਤੀਸਰੇ ਪੜਾਅ ਵਿਚ 42 ਕਿਲੋਮੀਟਰ ਲੰਮੀ ਦੌੜ ਦੌੜਦੇ ਹਨ।

ਇਹ ਤਿੰਨੇ ਪੜਾਅ ਉਨ੍ਹਾਂ ਨੇ 16 ਘੰਟੇ ਵਿੱਚ ਪੂਰੇ ਕਰਨੇ ਹੁੰਦੇ ਹਨ। ਤਾਂ ਜਾ ਕੇ ਉਹ ਪ੍ਰਬੰਧਕਾਂ ਵੱਲੋਂ 'ਆਇਰਨਮੈਨ' ਐਲਾਨੇ ਜਾਂਦੇ ਹਨ ਅਤੇ ਇਸ ਮੁਕਾਬਲੇ ਨਾਲ ਜੁੜਿਆ ਹੋਇਆ ਮੈਡਲ ਤੇ ਖ਼ਿਤਾਬ ਹਾਸਲ ਕਰਦੇ ਹਨ। ਹਰਜੀਤ ਸਿੰਘ ਹੈਰੀ ਨੇ ਇਹ ਤਿੰਨੇ ਪੜਾਅ 16 ਘੰਟੇ ਦੇ ਅੰਦਰ ਪੂਰੇ ਕਰਕੇ ਇਹ ਵੱਕਾਰੀ ਮੈਡਲ ਤੇ ਖ਼ਿਤਾਬ ਪ੍ਰਾਪਤ ਕੀਤਾ ਹੈ।

# ਪੰਜਾਬ ਨੇ ਵਿੱਤੀ ਸਾਲ 2024-25 ਵਿੱਚ 30,000 ਕਰੋੜ ਰੁਪਏ ਦਾ ਮਾਲੀਆ ਅੰਕੜਾ ਪਾਰ ਕਰਕੇ ਇਤਿਹਾਸਕ ਮੀਲ ਪੱਥਰ ਹਾਸਿਲ ਕੀਤਾ : ਹਰਪਾਲ ਚੀਮਾ

## ਦਸੰਬਰ 2024 ਤੱਕ ਵੈਟ, ਸੀ.ਐਸ.ਟੀ, ਜੀ.ਐਸ.ਟੀ, ਪੀ.ਐਸ.ਡੀ.ਟੀ ਅਤੇ ਆਬਕਾਰੀ ਤੋਂ ਕੁਲ ਪ੍ਰਾਪਤੀਆਂ ਵਿੱਚ 3229 ਕਰੋੜ ਰੁਪਏ ਦਾ ਵਾਧਾ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਬੜੇ ਮਾਣ ਨਾਲ ਐਲਾਨ ਕੀਤਾ ਕਿ ਸੂਬੇ ਨੇ ਪਹਿਲੀ ਵਾਰ ਇੱਕ ਵਿੱਤੀ ਸਾਲ ਦੇ ਪਹਿਲੇ ਨੌਂ ਮਹੀਨਿਆਂ ਵਿੱਚ ਵੈਟ, ਸੀਐਸਟੀ, ਜੀਐਸਟੀ, ਪੀਐਸਡੀਟੀ, ਅਤੇ ਆਬਕਾਰੀ ਤੋਂ ਪ੍ਰਾਪਤ ਮਾਲੀਏ ਵਿੱਚ 30,000



ਕਰੋੜ ਰੁਪਏ ਦਾ ਅੰਕੜਾ ਪਾਰ ਕਰ ਲਿਆ ਹੈ। । ਚਾਲੂ ਮਾਲੀ ਸਾਲ ਵਿੱਚ ਦਸੰਬਰ ਤੱਕ ਇਨ੍ਹਾਂ ਟੈਕਸਾਂ ਤੋਂ ਕੁੱਲ 31156.31 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ, ਜਦੋਂ ਕਿ ਵਿੱਤੀ ਸਾਲ 2023-24 ਵਿੱਚ ਇਨ੍ਹਾਂ ਟੈਕਸਾਂ ਤੋਂ ਕੁੱਲ 27927.31 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਸੀ।

ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਦਸੰਬਰ 2023 ਦੇ ਮੁਕਾਬਲੇ ਦਸੰਬਰ 2024 ਲਈ ਸੂਬੇ ਵਿੱਚ ਨੈੱਟ ਜੀ.ਐਸ.ਟੀ ਅਤੇ ਆਬਕਾਰੀ ਮਾਲੀਏ ਵਿੱਚ ਵੀ ਜ਼ਕਿਰਯੋਗ ਵਾਧਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਜੀ.ਐਸ.ਟੀ ਮਾਲੀਏ ਵਿੱਚ 28.36 ਪ੍ਰਤੀਸ਼ਤ ਅਤੇ ਆਬਕਾਰੀ ਮਾਲੀਏ ਵਿੱਚ 21.31 ਪ੍ਰਤੀਸ਼ਤ ਵਾਧਾ ਦਰਜ਼ ਕੀਤਾ ਗਿਆ।

ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਦਸੰਬਰ 2024 ਵਿੱਚ ਇਕੱਲੇ ਨੈੱਟ ਜੀਐਸਟੀ ਤੋਂ ਮਾਲੀਆ ਮਾਲੀਆ ਪ੍ਰਾਪਤੀ 2013.20 ਕਰੋੜ ਰੁਪਏ ਸੀ, ਜੋ ਦਸੰਬਰ 2023 ਵਿੱਚ 1568.36 ਕਰੋੜ ਰੁਪਏ ਦੀ ਨੈੱਟ ਜੀਐਸਟੀ ਪ੍ਰਾਪਤੀ ਤੋਂ 444.84 ਕਰੋੜ ਰੁਪਏ ਵੱਧ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਦਸੰਬਰ 2024 ਵਿੱਚ ਆਬਕਾਰੀ ਤੋਂ ਮਾਲੀਆ 154.75 ਕਰੋੜ ਰੁਪਏ ਦੇ ਵਾਧੇ ਨਾਲ 880.92 ਕਰੋੜ ਰੁਪਏ ਰਿਹਾ ਜਦੋਂ ਕਿ ਦਸੰਬਰ 2023 ਇਹ 726.17 ਕਰੋੜ ਰੁਪਏ ਸੀ।

ਵਿੱਤੀ ਸਾਲ 2024-25 ਵਿੱਚ ਦਸੰਬਰ ਤੱਕ ਵੈਟ, ਸੀ.ਐਸ.ਟੀ., ਜੀ.ਐਸ.ਟੀ., ਪੀ.ਐਸ.ਡੀ.ਟੀ. ਅਤੇ ਆਬਕਾਰੀ ਤੋਂ ਪ੍ਰਾਪਤ ਹੋਏ ਮਾਲੀਏ ਦਾ ਵਿਸਥਾਰ ਵਿੱਚ ਵੇਰਵਾ ਦਿੰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਰਾਜ ਨੇ ਵੈਟ ਤੋਂ 5643.81 ਕਰੋੜ ਰੁਪਏ, ਸੀ.ਐਸ.ਟੀ. ਤੋਂ 274.31 ਕਰੋੜ ਰੁਪਏ, ਜੀਐਸਟੀ ਤੋਂ 17405.99 ਕਰੋੜ ਰੁਪਏ, ਪੀ.ਐਸ.ਡੀ.ਟੀ ਤੋਂ 139.10 ਕਰੋੜ ਰੁਪਏ ਅਤੇ ਆਬਕਾਰੀ ਤੋਂ 7693.1 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕੀਤਾ। ਜਦੋਂਕਿ, ਵਿੱਤੀ ਸਾਲ 2023-24 ਵਿੱਚ ਵੈਟ ਤੋਂ 5385.24 ਕਰੋੜ ਰੁਪਏ, ਸੀਐਸਟੀ ਤੋਂ 220.72 ਕਰੋੜ ਰੁਪਏ, ਜੀਐਸਟੀ ਤੋਂ 15523.74 ਕਰੋੜ ਰੁਪਏ, ਪੀਐਸਡੀਟੀ ਤੋਂ 121.6 ਕਰੋੜ ਰੁਪਏ ਅਤੇ ਆਬਕਾਰੀ ਤੋਂ 6676.01 ਕਰੋੜ ਰੁਪਏ ਪ੍ਰਾਪਤ ਹੋਏ ਸਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਇੰਨ੍ਹਾਂ ਕਰਾਂ ਤੋਂ ਵਿੱਤੀ ਸਾਲ 2023-24 ਦੇ ਮੁਕਾਬਲੇ ਮੌਜੂਦਾ ਵਿੱਤੀ ਵਰ੍ਹੇ ਦੌਰਾਨ 3229 ਕਰੋੜ ਰੁਪਏ ਵੱਧ ਪ੍ਰਾਪਤ ਹੋਏ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਅੰਕੜੇ ਸੂਬੇ ਦੀਆਂ ਮਜ਼ਬੂਤ ਆਰਥਿਕ ਨੀਤੀਆਂ ਦਾ ਪ੍ਰਤੀਕ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਿੱਤੀ ਸੂਝ-ਬੂਝ ਅਤੇ ਟਿਕਾਊ ਵਿਕਾਸ ਨੂੰ ਹਾਸਲ ਕਰਨ ਲਈ ਵਚਨਬੱਧਤਾ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਮਾਲੀਆ ਪ੍ਰਾਪਤ ਕਰਨ ਵਿੱਚ ਲਗਾਤਾਰ ਹੋ ਰਿਹਾ ਵਾਧਾ ਆਬਕਾਰੀ ਅਤੇ ਕਰ ਵਿਭਾਗ ਦੁਆਰਾ ਕਰ ਪਾਲਣਾ ਨੂੰ ਵਧਾਉਣ ਲਈ ਲਾਗੂ ਕੀਤੇ ਉਪਾਵਾਂ ਦੀ ਪ੍ਰਭਾਵਸ਼ੀਲਤਾ ਨੂੰ ਦਰਸਾਉਂਦਾ ਹੈ।

# ਦੂਜੀ 'ਆਨਲਾਈਨ ਐੱਨ.ਆਰ.ਆਈ ਮਿਲਣੀ' 3 ਜਨਵਰੀ ਨੂੰ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਦੇਸ਼ 'ਚ ਪਹਿਲੀ ਅਤੇ ਵਿਲੱਖਣ ਸੇਵਾ ਦੀ ਲੜੀ ਤਹਿਤ ''ਦੂਜੀ ਆਨਲਾਈਨ ਐਨ.ਆਰ.ਆਈ ਮਿਲਣੀ'' 3 ਜਨਵਰੀ, 2024, ਦਿਨ ਸ਼ੁੱਕਰਵਾਰ ਨੂੰ ਸਵੇਰੇ 11:00 ਕੀਤੀ ਜਾਵੇਗੀ, ਜਿਸ ਵਿੱਚ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਜਾਣਗੀਆਂ ਅਤੇ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ।

ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ ਤਾਂ ਜੋ ਬਿਨ੍ਹਾਂ ਕਿਸੇ ਖੱਜਲ ਖੁਆਰੀ ਤੋਂ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਛੇਤੀ ਅਤੇ ਸਾਰਥਕ ਹੱਲ ਕੀਤਾ ਜਾ ਸਕੇ।

ਧਾਲੀਵਾਲ ਨੇ ਦੱਸਿਆ ਕਿ 3 ਜਨਵਰੀ ਨੂੰ ਸਵੇਰੇ 11:00 ਵਜੇ ਲਾਈਵ ਲਿੰਕ https://nicvc.webex.com/nicvc/j.php?MTID=ma44dd403edced44b58c769106bbb77ce ਰਾਹੀਂ ਪ੍ਰਵਾਸੀ ਪੰਜਾਬੀ ਆਪਣੀਆਂ ਹਰ ਤਰ੍ਹਾਂ ਦੀਆਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਐਨ.ਆਰ.ਆਈ ਪੰਜਾਬੀ ਆਪਣੀਆਂ ਲਿਖਤੀ ਸ਼ਿਕਾਇਤਾਂ ਈਮੇਲ ਪਤੇ: nri-minister2023@gmail.com'ਤੇ ਵੀ ਭੇਜ ਸਕਦੇ ਹਨ।

ਧਾਲੀਵਾਲ ਨੇ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਪ੍ਰਵਾਸੀ ਪੰਜਾਬੀ ਆਪਣੇ ਮਸਲੇ ਹੱਲ ਕਰਾਉਣ ਲਈ 'ਆਨਲਾਈਨ ਐਨ.ਆਰ.ਆਈ ਮਿਲਣੀ' 'ਚ ਸ਼ਮੂਲੀਅਤ ਕਰਨ ਅਤੇ ਆਪਣੀਆਂ ਸਮੱਸਿਆਵਾ ਦਾ ਹੱਲ ਕਰਵਾ ਕੇ ਲਾਹਾ ਲੈਣ।







# ਡਾ. ਰਵਜੋਤ ਸਿੰਘ ਵੱਲੋਂ ਸਮਾਰਟ ਸਿਟੀ ਅਧੀਨ ਚੱਲ ਰਹੇ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਦੇ ਨਿਰਦੇਸ਼

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹਿਰ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਦਿਸ਼ਾ ਵਿੱਚ ਸੂਬਾ ਸਰਕਾਰ ਵੱਲੋਂ ਕਈ ਅਹਿਮ ਪ੍ਰਾਜੈਕਟ ਸ਼ੁਰੂ ਕੀਤੇ ਹੋਏ ਹਨ।

ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਮਿਉਂਸੀਪਲ ਕਮਿਸ਼ਨਰ-ਕਮ- ਸੀ.ਈ.ਓ ਸਮਾਰਟ ਸਿਟੀ ਲੁਧਿਆਣਾ ਅਤੇ ਜਲੰਧਰ ਦੇ ਅਧਿਕਾਰੀਆਂ ਨਾਲ ਅੱਜ ਮਿਊਂਸੀਪਲ ਭਵਨ, ਸੈਕਟਰ 35, ਚੰਡੀਗੜ੍ਹ ਵਿਖੇ ਮੀਟਿੰਗ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ।

ਡਾ. ਰਵਜੋਤ ਸਿੰਘ ਨੇ ਸਮਾਰਟ ਸਿਟੀ ਪ੍ਰਾਜੈਕਟ ਅਧੀਨ ਫੰਡਾਂ ਅਤੇ ਚੱਲ ਰਹੇ ਪ੍ਰਾਜੈਕਟਾਂ ਦੀ ਮੌਜੂਦਾ ਸਥਿਤੀ ਬਾਰੇ ਅਧਿਕਾਰੀਆਂ ਪਾਸੋਂ ਰਿਪੋਰਟਾਂ ਹਾਸਲ ਕੀਤੀਆਂ ਅਤੇ ਅਧਿਕਾਰੀਆਂ ਨੂੰ ਕਿਹਾ ਕਿ ਇਹਨਾਂ ਪ੍ਰਾਜੈਕਟਾਂ ਵਿੱਚ ਗੁਣਵੱਤਾ ਲਿਆਉਣੀ ਯਕੀਨੀ ਬਣਾਈ ਜਾਵੇ।

ਕੈਬਨਿਟ ਮੰਤਰੀ ਵੱਲੋਂ ਸਮਾਰਟ ਸਿਟੀ ਅਧੀਨ ਉਲੀਕੇ ਜਾਣ ਵਾਲੇ ਨਵੇਂ ਪ੍ਰਾਜੈਕਟਾਂ ਬਾਰੇ ਵੀ ਵਿਸਥਾਰਤ ਚਰਚਾ ਕਰਨ ਉਪਰੰਤ ਅਧਿਕਾਰੀਆਂ ਨੂੰ ਕਿਹਾ ਕਿ ਇਹਨਾਂ ਪ੍ਰਾਜੈਕਟਾਂ ਨੂੰ ਲਾਗੂ ਕਰਨ ਲਈ ਜਲਦੀ ਤੋਂ ਜਲਦੀ ਟੈਂਡਰ ਪ੍ਰਕਿਰਿਆ ਨੂੰ ਮੁਕੰਮਲ ਕੀਤਾ ਜਾਵੇ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਹਨਾਂ ਪ੍ਰਾਜੈਕਟਾਂ ਅਧੀਨ ਅਲਾਟ ਹੋਈ ਰਾਸ਼ੀ ਨੂੰ ਨਿਰਧਾਰਿਤ ਸਮਾਂ ਸੀਮਾਂ ਅੰਦਰ ਖਰਚ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਮਾਰਟ ਸਿਟੀ ਅਧੀਨ ਚੱਲ ਰਹੇ ਕੰਮਾਂ ਵਿੱਚ ਕਿਸੇ ਤਰ੍ਹਾਂ ਦੀ ਅਣਗਹਿਲੀ ਨਾ ਵਰਤੀ ਜਾਵੇ। ਜੇਕਰ ਕੋਈ ਅਧਿਕਾਰੀ ਅਣਗਹਿਲੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਡਾ ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਸੂਬੇ ਨੂੰ ਰੰਗਲਾਂ ਪੰਜਾਬ ਬਣਾਉਣਾ ਚਾਹੁੰਦੀ ਹੈ। ਇਸ ਲਈ ਉਨ੍ਹਾਂ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਇਸ ਸੁਪਨੇ ਨੂੰ ਸਾਕਾਰ ਕਰਨ ਲਈ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਮੀਟਿੰਗ ਵਿੱਚ ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਪੀ ਐਮ ਆਈ ਡੀ ਸੀ ਦੇ ਸੀ.ਈ.ਓ ਦੀਪਤੀ ਉੱਪਲ, ਮਿਉਂਸੀਪਲ ਕਮਿਸ਼ਨਰ ਅਤੇ ਸੀ ਈ ਓ ਸਮਾਰਟ ਸਿਟੀ ਲੁਧਿਆਣਾ ਅਤੇ ਜਲੰਧਰ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

